




ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ








PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 36 Chief Editor : Chowdhary Prabhjit Singh, Editor : Chhatarpal Singh 98146-32807, Sunday 19 July 2026 Price : 2 Rs. Page : 6


## ਪ੍ਰਧਾਨ ਮੰਤਰੀ ਮੋਦੀ ਵੱਲੋਂ ਦੇਸ਼ ਦੇ ਪਹਿਲੇ ਨਿੱਜੀ ਰਾਕੇਟ ਦੀ ਸਫਲਤਾ ਦੀ ਸ਼ਲਾਘਾ

### ਮੋਦੀ ਨੇ ਇਸ ਨੂੰ 'ਆਤਮਨਿਰਭਰਤਾ' ਨੂੰ ਉਤਸ਼ਾਹਿਤ ਕਰਨ ਦੀ ਮਿਸਾਲ ਦੱਸਿਆ

**ਸ੍ਰੀਹਰੀਕੋਟਾ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ਨਿਚਰਵਾਰ ਨੂੰ ਦੇਸ਼ ਦੇ ਪਹਿਲੇ ਨਿੱਜੀ ਔਰਬਿਟਲ ਰਾਕੇਟ, ਵਿਕਰਮ-1 ਦੇ ਸਫਲ ਪ੍ਰੀਖਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਦੇਸ਼ ਦੇ ਆਤਮਨਿਰਭਰਤਾ ਦੇ ਟੀਚੇ ਨੂੰ ਸਾਬਤ ਕਰਦਾ ਹੈ।

ਸਕਾਈਰੂਟ ਐਰੋਸਪੇਸ ਦੇ ਸੀ.ਈ.ਓ. ਪਵਨ ਕੁਮਾਰ ਚੰਦਨਾ ਅਤੇ ਸਹਿ-ਸੰਸਥਾਪਕ ਨਾਗਾ ਭਾਰਤ ਡਾਕਾ ਨਾਲ ਫ਼ੋਨ 'ਤੇ ਗੱਲਬਾਤ ਕਰਦਿਆਂ, ਪ੍ਰਧਾਨ ਮੰਤਰੀ ਨੇ ਸ਼ਨਿਚਰਵਾਰ ਨੂੰ ਪ੍ਰਾਪਤ ਕੀਤੀ ਇਸ ਸਫਲਤਾ ਲਈ ਉਨ੍ਹਾਂ ਅਤੇ ਉਨ੍ਹਾਂ ਦੀ ਕੰਪਨੀ ਨੂੰ ਵਧਾਈ ਦਿੱਤੀ।



ਇਸ ਲਾਂਚ ਲਈ ਦੋਵੇਂ ਉੱਚ ਅਧਿਕਾਰੀ ਇਸਰੋ ਦੇ ਮਿਸ਼ਨ ਕੰਟਰੋਲ ਸੈਂਟਰ ਵਿਖੇ ਮੌਜੂਦ ਸਨ। ਪ੍ਰਧਾਨ ਮੰਤਰੀ ਮੋਦੀ ਨੇ ਉਨ੍ਹਾਂ ਨੂੰ ਆਪਣੀਆਂ ਸ਼ਾਨਦਾਰ ਸ਼ੁਭਕਾਮਨਾਵਾਂ ਭੇਜੀਆਂ ਅਤੇ ਕਿਹਾ ਕਿ ਉਨ੍ਹਾਂ ਦਾ ਅੱਜ ਦਾ ਮਿਸ਼ਨ ਆਗਮਨ ਹੋਰ ਅੱਗੇ ਵਧਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਮਿਸ਼ਨ ਸਾਬਤ ਕਰਦਾ ਹੈ ਕਿ ਅਸੀਂ ਆਤਮਨਿਰਭਰ ਹੋ ਸਕਦੇ ਹਾਂ, ਭਾਵੇਂ ਕਿ ਚੰਦਨਾ ਨੇ ਜਾਣਕਾਰੀ ਦਿੱਤੀ ਕਿ ਰਾਕੇਟ ਨੂੰ ਪੂਰੀ ਤਰ੍ਹਾਂ ਭਾਰਤ ਵਿੱਚ ਡਿਜ਼ਾਈਨ ਅਤੇ ਤਿਆਰ ਕੀਤਾ ਗਿਆ ਹੈ।

ਪ੍ਰਧਾਨ ਮੰਤਰੀ ਮੋਦੀ ਦੇ ਵੰਦੇ ਮਾਤਰਮ ਦੇ ਨਾਅਰੇ ਵਾਲੇ ਪੋਸਟ ਕਾਰਡ ਦਾ ਜ਼ਿਕਰ ਕਰਦਿਆਂ, ਜਿਸ ਨੂੰ ਲਾਂਚ ਵਹੀਕਲ ਨੇ 450 ਕਿਲੋਮੀਟਰ ਦੀ ਲੋਅ ਅਰਥ ਔਰਬਿਟ (ਧਰਤੀ ਦੇ ਹੇਠਲੇ ਪੰਧ) ਵਿੱਚ ਪਹੁੰਚਾਇਆ ਸੀ, ਚੰਦਨਾ ਨੇ ਕਿਹਾ, ਤੁਹਾਡਾ ਕਾਰਡ ਸਫਲਤਾਪੂਰਵਕ ਔਰਬਿਟ ਵਿੱਚ ਪਹੁੰਚ ਗਿਆ ਹੈ। ਵੰਦੇ ਮਾਤਰਮ ਔਰਬਿਟ ਵਿੱਚ ਹੈ।

## ਨੌਜਵਾਨ ਨਸ਼ਿਆਂ ਨਾਲ ਨਹੀਂ, ਖੇਡਾਂ ਅਤੇ ਸਿੱਖਿਆ ਨਾਲ ਜੁੜਨ, ਤਾਂ ਹੀ ਬਣੇਗਾ ਵਿਕਸਿਤ ਭਾਰਤ : ਨਾਇਬ ਸਿੰਘ ਸੈਣੀ

**ਚੰਡੀਗੜ੍ਹ 18 ਜੁਲਾਈ**
**-ਛਤਰਪਾਲ ਸਿੰਘ-**

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਕਾਨੂੰਨ-ਵਿਵਸਥਾ ਦਾ ਵਿਸ਼ਾ ਨਹੀਂ, ਸਗੋਂ ਸਮਾਜ, ਸੰਸਕਾਰ ਅਤੇ ਮਨੁੱਖਤਾ ਦੀ ਰੱਖਿਆ ਦੀ ਮੁਹਿੰਮ ਹੈ। ਉਨ੍ਹਾਂ ਕਿਹਾ ਕਿ ਨਸ਼ਾ ਅਨੇਕਾਂ ਪਰਿਵਾਰਾਂ ਨੂੰ ਬਰਬਾਦ ਕਰ ਰਿਹਾ ਹੈ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਹਨੇਰੇ ਵੱਲ ਧੱਕ ਰਿਹਾ ਹੈ। ਅਜਿਹੇ ਵਿੱਚ ਇਸ ਨੂੰ ਜਨ ਭਾਗੀਦਾਰੀ ਰਾਹੀਂ ਜਨ ਅੰਦੋਲਨ ਦਾ ਸਰੂਪ ਦੇਣਾ ਸਮੇਂ ਦੀ ਲੋੜ ਹੈ।

ਮੁੱਖ ਮੰਤਰੀ ਸ਼ਨੀਵਾਰ ਨੂੰ ਕਰਨਾਲ ਸਥਿਤ ਹਰਿਆਣਾ ਪੁਲਿਸ ਅਕੈਡਮੀ, ਮਧੂਬਨ ਵਿਖੇ ਆਯੋਜਿਤ ÷ਇੱਕ ਪੁਲਿਸ, ਇੱਕ ਸੰਕਲਪ - 'ਡਰੱਗਜ਼ ਮੁਕਤ ਹਰਿਆਣਾ'÷ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਿਤ ਕਰ ਰਹੇ ਸਨ। ਹਰਿਆਣਾ ਪੁਲਿਸ ਦੇ ਸਾਰੇ ਥਾਣਾ ਇੰਚਾਰਜਾਂ (ਐਸ.ਐਚ.ਓ.) ਨਾਲ ਆਯੋਜਿਤ ਇਸ ਸੰਵਾਦ ਪ੍ਰੋਗਰਾਮ ਦਾ



ਉਦੇਸ਼ ਸੂਬੇ ਨੂੰ ਮੁਕੰਮਲ ਤੌਰ 'ਤੇ ਨਸ਼ਾ ਮੁਕਤ ਬਣਾਉਣ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਨਾ ਅਤੇ ਇਸ ਦਿਸ਼ਾ ਵਿੱਚ ਪ੍ਰਭਾਵੀ ਰਣਨੀਤੀ ਤਿਆਰ ਕਰਨਾ ਸੀ।

**ਸੁਪਰ-100 ਦੇ 70 ਵਿਦਿਆਰਥੀਆਂ ਨੂੰ ਦਿੱਤੀ ਵਧਾਈ**

ਮੁੱਖ ਮੰਤਰੀ ਨੇ ਨੀਟ ਪ੍ਰੀਖਿਆ ਵਿੱਚ ਸਫਲਤਾ ਪ੍ਰਾਪਤ ਕਰਨ ਵਾਲੇ ਸੁਪਰ-100 ਪ੍ਰੋਗਰਾਮ ਦੇ 70 ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਨ੍ਹਾਂ ਦਾ ਮੈਡੀਕਲ ਕਾਲਜਾਂ ਵਿੱਚ ਦਾਖਲਾ ਯਕੀਨੀ ਹੋਇਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚੋਂ ਬਹੁਤੇ ਵਿਦਿਆਰਥੀ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਸਾਧਾਰਨ ਪਰਿਵਾਰਾਂ ਤੋਂ ਹਨ। ਉਨ੍ਹਾਂ ਦੀ ਸਫਲਤਾ ਸਰਕਾਰ ਦੁਆਰਾ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਗੁਣਵੱਤਾਪੂਰਣ ਸਿੱਖਿਆ ਅਤੇ ਬਿਹਤਰ ਮੌਕੇ ਉਪਲਬਧ ਕਰਾਉਣ ਦੇ ਯਤਨਾਂ ਦਾ ਨਤੀਜਾ ਹੈ। ਇਸ ਮੌਕੇ ਮੁੱਖ ਮੰਤਰੀ ਨੇ ਪੁਲਿਸ ਵਿਭਾਗ ਦੀ ਤਿਮਾਹੀ ਮੈਗਜ਼ੀਨ ਵੀ ਜਾਰੀ ਕੀਤੀ। ਮੈਗਜ਼ੀਨ ਵਿੱਚ ਵਿਦੇਸ਼ਾਂ ਤੋਂ ਵਾਪਸ ਲਿਆਂਦੇ ਗਏ ਅਪਰਾਧੀਆਂ ਸਮੇਤ ਵਿਭਾਗ ਦੀਆਂ ਪ੍ਰਮੁੱਖ ਪ੍ਰਾਪਤੀਆਂ ਅਤੇ ਮਹੱਤਵਪੂਰਨ ਮੁਹਿੰਮਾਂ ਦਾ ਵਰਨਣ ਕੀਤਾ ਗਿਆ ਹੈ।

**ਹਰ ਥਾਣਾ ਸਮਾਜਿਕ ਬਦਲਾਅ ਦਾ ਕੇਂਦਰ ਬਣੇ**

ਮੁੱਖ ਮੰਤਰੀ ਨੇ ਕਿਹਾ ਕਿ ਹਰ ਥਾਣਾ ਸਿਰਫ਼ ਕਾਨੂੰਨ-ਵਿਵਸਥਾ ਬਣਾਈ ਰੱਖਣ ਤੱਕ ਸੀਮਤ ਨਾ ਰਹੇ, ਸਗੋਂ ਸਮਾਜਿਕ ਬਦਲਾਅ ਦਾ ਕੇਂਦਰ ਬਣੇ। ਥਾਣਾ ਇੰਚਾਰਜ ਆਪਣੇ ਖੇਤਰ ਦੇ ਸਕੂਲਾਂ, ਕਾਲਜਾਂ, ਪੰਚਾਇਤਾਂ, ਸਵੈ-ਸੇਵੀ ਸੰਸਥਾਵਾਂ, ਧਾਰਮਿਕ ਸੰਗਠਨਾਂ ਅਤੇ ਯੁਵਾ ਮੰਡਲਾਂ ਨਾਲ ਨਿਯਮਿਤ ਸੰਵਾਦ ਸਥਾਪਿਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਅਪਰਾਧਾਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ।

ਉਨ੍ਹਾਂ ਕਿਹਾ ਕਿ ਅੱਜ ਨਸ਼ਿਆਂ ਦਾ ਕਾਰੋਬਾਰ ਆਧੁਨਿਕ ਤਕਨੀਕ, ਸੋਸ਼ਲ ਮੀਡੀਆ ਅਤੇ ਸੰਗਠਿਤ ਅਪਰਾਧ ਰਾਹੀਂ ਨੌਜਵਾਨਾਂ ਤੱਕ ਪਹੁੰਚ ਰਿਹਾ ਹੈ। ਇਸ ਲਈ ਪੁਲਿਸ ਨੂੰ ਵੀ ਆਧੁਨਿਕ ਤਕਨੀਕ ਦੇ ਅਨੁਸਾਰ ਚੌਕਸ, ਸਰਗਰਮ ਅਤੇ ਸਮਰੱਥ ਬਣਨਾ ਹੋਵੇਗਾ। ਸਿਰਫ਼ ਤਸਕਰਾਂ ਦੀ ਗ੍ਰਿਫ਼ਤਾਰੀ ਕਾਫ਼ੀ ਨਹੀਂ ਹੈ, ਸਗੋਂ ਪੂਰੇ ਨੈੱਟਵਰਕ ਨੂੰ ਤਬਾਹ ਕਰਨਾ ਜ਼ਰੂਰੀ ਹੈ। ਨਾਲ ਹੀ ਪੁਲਿਸ ਅਤੇ ਜਨਤਾ ਵਿਚਕਾਰ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਨਾ ਵੀ ਓਨਾ ਹੀ ਜ਼ਰੂਰੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਪ੍ਰਭਾਵੀ ਕਾਰਵਾਈ ਦੇ ਨਾਲ-ਨਾਲ ਜਾਗਰੂਕਤਾ, ਸੰਵੇਦਨਸ਼ੀਲਤਾ ਅਤੇ ਮੁੜ ਵਸੇਬੇ 'ਤੇ ਵੀ ਬਰਾਬਰ ਧਿਆਨ ਦੇਣਾ ਹੋਵੇਗਾ। ਜਦੋਂ ਪੁਲਿਸ, ਪਰਿਵਾਰ, ਅਧਿਆਪਕ, ਡਾਕਟਰ, ਸਮਾਜਿਕ ਸੰਗਠਨ, ਮਾਤਰ ਸ਼ਕਤੀ ਅਤੇ ਯੁਵਾ ਸ਼ਕਤੀ ਇਕਜੁੱਟ ਹੋ ਕੇ ਕੰਮ ਕਰਨਗੇ, ਤਦ ਹੀ ਨਸ਼ਾ ਮੁਕਤ ਹਰਿਆਣਾ ਦਾ ਟੀਚਾ ਸਾਕਾਰ ਹੋਵੇਗਾ। ਉਨ੍ਹਾਂ ਕਿਹਾ ਕਿ ਹਰਿਆਣਾ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਨਾਲ ਜੋੜਨਾ ਸਰਕਾਰ ਦੀ ਪਹਿਲ ਹੈ। ਹਰਿਆਣਾ ਨੂੰ ਖੇਡਾਂ ਦਾ ਹੱਬ ਬਣਾਉਣਾ ਹੈ, ਤਾਂ ਜੋ ਨੌਜਵਾਨ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਆਉਣ ਦੀ ਬਜਾਏ ਮੈਦਾਨ ਵਿੱਚ ਉਤਰ ਕੇ ਦੇਸ਼ ਲਈ ਸੋਨ ਤਗਮੇ ਜਿੱਤਣ। ਸਿਹਤਮੰਦ, ਅਨੁਸ਼ਾਸਿਤ ਅਤੇ ਖੇਡ ਸੱਭਿਆਚਾਰ ਨਾਲ ਜੁੜੇ ਨੌਜਵਾਨ ਹੀ ਵਿਕਸਿਤ ਭਾਰਤ ਦੇ ਨਿਰਮਾਣ ਦੀ ਸਭ ਤੋਂ ਵੱਡੀ ਸ਼ਕਤੀ ਬਣਨਗੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਜ਼ਿਲ੍ਹਾ, ਸਬ-ਡਿਵੀਜਨ, ਬਲਾਕ, ਪਿੰਡ ਅਤੇ ਵਾਰਡ ਪੱਧਰ ਤੱਕ ਨਸ਼ਾ ਮੁਕਤੀ ਟਾਸਕ ਫੋਰਸ ਦਾ ਗਠਨ ਕਰੇਗੀ। ਇਸ ਵਿੱਚ ਜਨਤਕ ਨੁਮਾਇੰਦੇ, ਥਾਣਾ ਇੰਚਾਰਜ, ਸਿਹਤ, ਸਿੱਖਿਆ ਅਤੇ ਸਮਾਜ ਭਲਾਈ ਵਿਭਾਗ ਦੇ ਅਧਿਕਾਰੀ, ਸਵੈ-ਸੇਵੀ ਸੰਸਥਾਵਾਂ, ਸਮਾਜਿਕ ਸੰਗਠਨ, ਯੁਵਾ ਅਤੇ ਮਹਿਲਾ ਮੰਡਲ, ਕੈਮਿਸਟ ਐਸੋਸੀਏਸ਼ਨ ਅਤੇ ਸਮਾਜ ਦੇ ਬੁੱਧੀਜੀਵੀ ਨਾਗਰਿਕਾਂ ਨੂੰ ਸ਼ਾਮਲ ਕੀਤਾ ਜਾਵੇਗਾ, ਤਾਂ ਜੋ ਨਸ਼ਿਆਂ ਵਿਰੁੱਧ ਵਿਆਪਕ ਸਮਾਜਿਕ ਮੁਹਿੰਮ ਚਲਾਈ ਜਾ ਸਕੇ।

ਉਨ੍ਹਾਂ ਥਾਣਾ ਇੰਚਾਰਜਾਂ ਨੂੰ ਇਮਾਨਦਾਰੀ, ਪਾਰਦਰਸ਼ਤਾ ਅਤੇ ਸੰਵੇਦਨਸ਼ੀਲਤਾ ਨਾਲ ਕੰਮ ਕਰਨ ਦੀ ਅਪੀਲ ਕਰਦੇ ਹੋਏ ਕਿਹਾ ਕਿ ਜੇਕਰ ਹਰ ਥਾਣਾ ਇੰਚਾਰਜ ਇਹ ਸੰਕਲਪ ਲਵੇ ਕਿ ਉਹ ਆਪਣੇ ਖੇਤਰ ਵਿੱਚ ਨਸ਼ਿਆਂ ਦਾ ਕਾਰੋਬਾਰ ਨਹੀਂ ਹੋਣ ਦੇਵੇਗਾ, ਤਾਂ ਨਸ਼ਾ ਮਾਫੀਆ ਲਈ ਹਰਿਆਣਾ ਵਿੱਚ ਕੋਈ ਥਾਂ ਨਹੀਂ ਬਚੇਗੀ। ਉਨ੍ਹਾਂ ਕਿਹਾ ਕਿ ਪੁਲਿਸ ਦੀ ਵਰਦੀ ਸੇਵਾ, ਅਨੁਸ਼ਾਸਨ ਅਤੇ ਰਾਸ਼ਟਰ ਭਗਤੀ ਦਾ ਪ੍ਰਤੀਕ ਹੈ ਅਤੇ ਇਸ ਦਾ ਸਨਮਾਨ ਹਰ ਹਾਲਾਤ ਵਿੱਚ ਸਰਵਉੱਚ ਰਹਿਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਵਿਕਸਿਤ ਭਾਰਤ-2047 ਦੇ ਸੰਕਲਪ ਨੂੰ ਸਾਕਾਰ ਕਰਨ ਲਈ ਨੌਜਵਾਨਾਂ ਦਾ ਸਿਹਤਮੰਦ, ਜਾਗਰੂਕ, ਨਸ਼ਾ ਮੁਕਤ ਅਤੇ ਖੇਡਾਂ ਨਾਲ ਜੁੜਿਆ ਹੋਣਾ ਜ਼ਰੂਰੀ ਹੈ। ਉਨ੍ਹਾਂ ਸਾਰੇ ਪੁਲਿਸ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ 'ਨਸ਼ਾ ਮੁਕਤ ਹਰਿਆਣਾ' ਮੁਹਿੰਮ ਨੂੰ ਜਨ-ਜਨ ਦੀ ਮੁਹਿੰਮ ਬਣਾ ਕੇ ਸੂਬੇ ਦੇ ਉੱਜਵਲ ਭਵਿੱਖ ਦੇ ਨਿਰਮਾਣ ਵਿੱਚ ਸਰਗਰਮ ਭੂਮਿਕਾ ਨਿਭਾਉਣ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੁਲਿਸ ਅਧਿਕਾਰੀਆਂ ਨਾਲ ਸੰਵਾਦ ਦੌਰਾਨ ਵਿਭਾਗ ਨਾਲ ਜੁੜੇ ਵੱਖ-ਵੱਖ ਸੁਝਾਵਾਂ ਅਤੇ ਮੰਗਾਂ 'ਤੇ ਕਈ ਮਹੱਤਵਪੂਰਨ ਐਲਾਨ ਕੀਤੇ। ਉਨ੍ਹਾਂ ਕਿਹਾ ਕਿ ਤਫਤੀਸ਼ ਹੈਡ ਤਹਿਤ ਉਪਲਬਧ ਰਕਮ ਵਧਾ ਕੇ 10 ਕਰੋੜ ਰੁਪਏ ਕੀਤੀ ਜਾਵੇਗੀ, ਤਾਂ ਜੋ ਨਵੇਂ ਅਪਰਾਧਿਕ ਕਾਨੂੰਨਾਂ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਲਈ ਜਾਂਚ ਅਧਿਕਾਰੀਆਂ (ਆਈ.ਓ.) ਨੂੰ ਲੋੜੀਂਦੇ ਸਾਧਨ ਉਪਲਬਧ ਕਰਵਾਏ ਜਾ ਸਕਣ।

## ਪੰਜਾਬ ਦੇ ਵਿਦਿਆਰਥੀਆਂ ਲਈ ਨਵੀਂ ਮੁਸੀਬਤ: ਜਨਮ ਸਰਟੀਫਿਕੇਟਾਂ 'ਚ ਨਾਮ ਦਰਜ ਨਾ ਹੋਣ ਕਾਰਨ ਦਾਖਲੇ ਰੁਕੇ

**ਚੰਡੀਗੜ੍ਹ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿੱਚ ਅੱਠਵੀਂ ਜਮਾਤ ਤੋਂ ਲੈ ਕੇ ਉੱਚੇਰੀ ਸਿੱਖਿਆ (ਕਾਲਜਾਂ ਅਤੇ ਯੂਨੀਵਰਸਿਟੀਆਂ) ਵਿੱਚ ਦਾਖਲਾ ਲੈਣ ਦੇ ਚਾਹਵਾਨ ਵਿਦਿਆਰਥੀਆਂ ਲਈ ਇੱਕ ਨਵੀਂ ਅਤੇ ਵੱਡੀ ਮੁਸ਼ਕਲ ਖੜ੍ਹੀ ਹੋ ਗਈ ਹੈ। ਪੰਜਾਬ ਸਰਕਾਰ ਵੱਲੋਂ ਸਕੂਲਾਂ-ਕਾਲਜਾਂ ਵਿੱਚ ਦਾਖਲੇ ਲਈ ਡਿਜੀਟਲ ਜਨਮ ਸਰਟੀਫਿਕੇਟ ਲਾਜ਼ਮੀ ਕਰ ਦਿੱਤਾ ਗਿਆ ਹੈ। ਪਰ ਸਭ ਤੋਂ ਵੱਡੀ ਸਮੱਸਿਆ ਇਹ ਹੈ ਕਿ ਸੂਬੇ ਦੇ ਹਜ਼ਾਰਾਂ ਬੱਚਿਆਂ ਦੇ ਜਨਮ ਸਰਟੀਫਿਕੇਟਾਂ ਵਿੱਚ ਉਨ੍ਹਾਂ ਦਾ ਖੁਦ ਦਾ ਨਾਮ ਹੀ ਦਰਜ ਨਹੀਂ ਹੈ, ਬਲਕਿ ਨਾਮ ਵਾਲੇ ਖਾਨੇ ਵਿੱਚ ਸਿਰਫ਼ 'ਲੜਕਾ' ਜਾਂ 'ਲੜਕੀ' ਲਿਖਿਆ ਹੋਇਆ ਹੈ।

ਜਗਜੀਤ ਸਿੰਘ ਨੇ ਦਸਵੀਂ ਵਿੱਚ ਦਾਖਲਾ ਲੈਣਾ ਹੈ। ਉਸ ਦੀ ਜਨਮ ਮਿਤੀ 28 ਅਕਤੂਬਰ 2010 ਹੈ ਪਰ ਡਿਜ਼ੀਟਲ ਜਨਮ ਸਰਟੀਫਿਕੇਟ ਵਿੱਚ ਉਸ ਦਾ ਨਾਮ ਦਰਜ ਨਹੀਂ। ਸਿਹਤ ਵਿਭਾਗ ਦੇ ਡਿਜ਼ੀਟਲ ਸਿਸਟਮ ਵਿੱਚ ਨਾਮ ਦਰਜ ਕਰਨ ਵਾਸਤੇ ਅਪਲਾਈ ਨਹੀਂ ਹੁੰਦਾ ਕਿਉਂਕਿ ਉਸਦੀ ਉਮਰ 14 ਸਾਲ ਤੋਂ ਉਪਰ ਹੋ ਗਈ।

ਇਸ ਵਜ੍ਹਾ ਕਰਕੇ ਜਗਜੀਤ ਸਿੰਘ ਦਾ ਭਵਿੱਖ ਧੁੰਦਲਾ ਹੋ ਗਿਆ ਹੈ। ਇਹੀ ਹਾਲ ਨੰਦਨੀ ਅਤੇ ਹੋਰ ਵਿਦਿਆਰਥੀਆਂ ਦਾ ਹੈ। ਉਨ੍ਹਾਂ ਦੇ ਮਾਪਿਆਂ ਨੇ ਦੱਸਿਆ ਕਿ ਬੱਚੇ ਦੇ ਜਨਮ ਵੇਲੇ ਹਸਪਤਾਲ ਵਾਲਿਆਂ ਨੇ ਸਿਰਫ਼ 'ਲੜਕਾ' ਜਾਂ 'ਲੜਕੀ' ਲਿਖ ਕੇ ਰਜਿਸਟਰੇਸ਼ਨ ਕਰ ਦਿੱਤੀ। ਹੁਣ ਜਦੋਂ ਬੱਚਾ 15-16 ਸਾਲ ਦਾ ਹੋ ਕੇ ਉੱਚੀ ਕਲਾਸ ਵਿੱਚ ਦਾਖਲਾ ਲੈਣ ਲੱਗਾ ਹੈ, ਤਾਂ ਵਿਭਾਗ ਦਾ ਕਹਿਣਾ ਹੈ ਹੈ ਕਿ ਨਾਮ ਦਰਜ ਨਹੀਂ ਹੋ ਸਕਦਾ। ਉਨ੍ਹਾਂ ਸਵਾਲ ਕੀਤਾ ਕਿ ਜੇ ਨਾਮ ਦਰਜ ਨਹੀਂ ਹੋਵੇਗਾ ਤਾਂ ਸਾਡੇ ਬੱਚੇ ਅੱਗੇ ਕਿਵੇਂ ਪੜ੍ਹਨਗੇ? ਸਿਹਤ ਵਿਭਾਗ ਅਤੇ ਸੇਵਾ ਕੇਂਦਰਾਂ ਦੇ ਨਿਯਮਾਂ ਮੁਤਾਬਕ 14 ਸਾਲ ਦੀ ਉਮਰ ਤੋਂ ਬਾਅਦ ਜਨਮ ਸਰਟੀਫਿਕੇਟ ਵਿੱਚ ਨਾਮ ਦਰਜ ਕਰਨ ਵਾਲੀ ਐਪ/ਪੋਰਟਲ ਨੂੰ ਬੰਦ ਕਰ ਦਿੱਤਾ ਗਿਆ ਹੈ, ਜਿਸ ਕਾਰਨ 14 ਸਾਲ ਤੋਂ ਉੱਪਰ ਹੋ ਚੁੱਕੇ ਬੱਚਿਆਂ ਦੇ ਨਾਮ ਸਰਟੀਫਿਕੇਟਾਂ 'ਚ ਚੜ੍ਹਨੇ ਬੰਦ ਹੋ ਗਏ ਹਨ। ਇਸ ਕਾਰਨ ਵਿਦਿਆਰਥੀਆਂ ਦੇ ਅਗਲੇ ਦਾਖਲੇ ਪੂਰੀ ਤਰ੍ਹਾਂ ਰੁਕ ਗਏ ਹਨ। ਸਿਹਤ ਵਿਭਾਗ ਦੀ ਵੈੱਬਸਾਈਟ ਅਤੇ ਪੰਜਾਬ ਸਰਕਾਰ ਦੇ ਮੌਜੂਦਾ ਨੋਟੀਫਿਕੇਸ਼ਨਾਂ ਅਨੁਸਾਰ, ਰਜਿਸਟਰੇਸ਼ਨ ਆਫ਼ ਬਰਥ ਐਂਡ ਡੈੱਥ ਐਕਟ ਦੀ ਧਾਰਾ 14 ਦੇ ਤਹਿਤ, ਜਨਮ ਤੋਂ 14 ਸਾਲ ਪੂਰੇ ਹੋਣ ਤੱਕ ਬੱਚੇ ਦਾ ਨਾਮ ਬਿਨਾਂ ਕਿਸੇ ਦੇਰੀ ਫੀਸ ਜਾਂ ਮਾਮੂਲੀ ਫੀਸ ਦੇ ਸਰਟੀਫਿਕੇਟ ਵਿੱਚ ਦਰਜ ਕਰਵਾਇਆ ਜਾ ਸਕਦਾ ਹੈ। ਸੇਵਾ ਕੇਂਦਰਾਂ ਦੇ ਸੂਤਰਾਂ ਅਤੇ ਸਿਹਤ ਵਿਭਾਗ ਦੇ ਆਨਲਾਈਨ ਪੋਰਟਲ ਤੋਂ ਮਿਲੇ ਵੇਰਵਿਆਂ ਮੁਤਾਬਕ, 14 ਸਾਲ ਦੀ ਉਮਰ ਟੱਪ ਚੁੱਕੇ ਬੱਚਿਆਂ ਦਾ ਨਾਮ ਡਿਜੀਟਲ ਸਿਸਟਮ ਵਿੱਚ ਦਰਜ ਕਰਨ ਵਾਲਾ ਲਿੰਕ/ਐਪਲੀਕੇਸ਼ਨ ਸੌਫਟਵੇਅਰ ਸਿਹਤ ਵਿਭਾਗ ਵੱਲੋਂ ਬੰਦ ਕਰ ਦਿੱਤਾ ਗਿਆ ਹੈ। ਸੇਵਾ ਕੇਂਦਰਾਂ ਵੱਲੋਂ ਅਰਜ਼ੀਆਂ ਲੈਣ ਤੋਂ ਇਨਕਾਰ ਜਦੋਂ ਮਾਪੇ ਆਪਣੇ ਬੱਚਿਆਂ ਦਾ ਨਾਮ ਚੜ੍ਹਾਉਣ ਲਈ ਸੇਵਾ ਕੇਂਦਰਾਂ ਵਿੱਚ ਜਾਂਦੇ ਹਨ, ਤਾਂ ਉੱਥੋਂ ਦਾ ਸਿਸਟਮ 14 ਸਾਲ ਤੋਂ ਵੱਧ ਉਮਰ ਦੇ ਬੱਚਿਆਂ ਦੀਆਂ ਅਰਜ਼ੀਆਂ ਨੂੰ ਸਵੀਕਾਰ ਹੀ ਨਹੀਂ ਕਰਦਾ। ਸੇਵਾ ਕੇਂਦਰਾਂ ਦੇ ਸਟਾਫ਼ ਦਾ ਕਹਿਣਾ ਹੈ ਕਿ ਪੋਰਟਲ ਬੰਦ ਹੋਣ ਕਰਕੇ ਉਹ ਕੁਝ ਨਹੀਂ ਕਰ ਸਕਦੇ।

ਅੱਠਵੀਂ, ਦਸਵੀਂ, ਬਾਰ੍ਹਵੀਂ ਪਾਸ ਕਰਕੇ ਕਾਲਜਾਂ ਜਾਂ ਅਗਲੀਆਂ ਜਮਾਤਾਂ ਵਿੱਚ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਦੀ ਉਮਰ ਆਮ ਤੌਰ 'ਤੇ 14 ਸਾਲ ਤੋਂ ਉੱਪਰ ਹੁੰਦੀ ਹੈ। ਸਕੂਲ ਅਤੇ ਕਾਲਜ ਪ੍ਰਸ਼ਾਸਨ ਦਾਖਲੇ ਲਈ ਸਿਰਫ਼ ਆਨਲਾਈਨ/ਡਿਜੀਟਲ ਜਨਮ ਸਰਟੀਫਿਕੇਟ ਮੰਗ ਰਹੇ ਹਨ ਜਿਸ 'ਤੇ ਵਿਦਿਆਰਥੀ ਦਾ ਸਹੀ ਨਾਮ ਦਰਜ ਹੋਵੇ। ਅਜਿਹਾ ਨਾ ਹੋਣ ਕਰਕੇ ਦਾਖਲਾ ਨਹੀਂ ਹੋਣਾ 'ਤੇ ਮਾਪੇ ਅਤੇ ਵਿਦਿਆਰਥੀ ਪਰੇਸ਼ਾਨ ਹਨ। ਪ੍ਰਭਾਵਿਤ ਹੋ ਰਹੇ ਬੱਚਿਆਂ ਦੇ ਮਾਪਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਿਹਤ ਵਿਭਾਗ ਦੇ ਪੋਰਟਲ 'ਤੇ 14 ਸਾਲ ਤੋਂ ਉੱਪਰ ਦੇ ਬੱਚਿਆਂ ਦੇ ਨਾਮ ਦਰਜ ਕਰਨ ਵਾਲੀ ਐਪ/ਲਿੰਕ ਨੂੰ ਤੁਰੰਤ ਦੋਬਾਰਾ ਚਾਲੂ ਕੀਤਾ ਜਾਵੇ।

## ਪੁਲਿਸ ਵੱਲੋਂ ਸ਼ੱਕੀ ਹੋਟਲਾਂ 'ਤੇ ਛਾਪਾਮਾਰੀ

**ਸਮਾਣਾ 18 ਜੁਲਾਈ**
**-ਜਗਦੇਵ ਸਿੰਘ ਜੱਗੀ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਮਾਣਾ ਥਾਣਾ ਸਦਰ ਅਧੀਨ ਪੈਂਦੀ ਪੁਲਿਸ ਚੌਂਕੀ ਮਵੀ ਕਲਾਂ ਅਤੇ ਸਿਟੀ ਪੁਲਿਸ ਵੱਲੋਂ ਸਾਂਝੀ ਕਾਰਵਾਈ ਕਰਦਿਆਂ ਸ਼ਹਿਰ ਦੇ ਸ਼ੱਕੀ ਹੋਟਲਾਂ ਤੇ ਛਾਪਾਮਾਰੀ ਕੀਤੀ ਗਈ।

ਉਪ ਕਪਤਾਨ ਪੁਲਿਸ ਫਤਿਹ ਸਿੰਘ ਬਰਾੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੀਟੀ ਪੁਲਿਸ ਦੇ ਨਵੇਂ ਆਏ ਇੰਸਪੈਕਟਰ ਜਸਵਿੰਦਰ ਸਿੰਘ ਤੇ ਪੁਲਿਸ ਚੌਂਕੀ ਮਵੀ ਕਲਾ ਦੇ ਮੁੱਖ ਅਫਸਰ ਬਲਕਾਰ ਸਿੰਘ ਵੱਲੋਂ ਕਾਰਵਾਈ ਕਰਦਿਆਂ ਕਈ ਹੋਟਲਾਂ ਤੇ ਛਾਪੇਮਾਰੀ ਕੀਤੀ ਗਈ ਤੇ ਏ.ਐਸ.ਆਈ ਬਲਕਾਰ ਸਿੰਘ ਵੱਲੋਂ ਸ਼ੱਕੀ ਹੋਟਲਾਂ ਦੀ ਚੈਕਿੰਗ ਕਰਦਿਆਂ ਹੋਟਲ ਮਾਲਕਾਂ ਨੂੰ ਸਖਤ ਤਾੜਨਾ ਕੀਤੀ ਗਈ। ਉਨ੍ਹਾਂ ਕਿਹਾ ਕਿ



ਜਿਸ ਵੀ ਹੋਟਲ 'ਚ ਨਬਾਲਗ ਲੜਕੀ ਫੜੀ ਗਈ ਉਸ ਹੋਟਲ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਏ.ਐਸ.ਆਈ. ਬਲਕਾਰ ਸਿੰਘ ਵੱਲੋਂ ਪਹਿਲਾਂ ਵੀ ਭੈੜੇ ਅਨਸਰਾਂ ਖਿਲਾਫ਼ ਸਖਤ ਕਾਰਵਾਈ ਕੀਤੀ ਗਈ ਹੈ।

## ਅੰਮ੍ਰਿਤਸਰ ਪੁਲਿਸ ਵੱਲੋਂ ਸਰਹੱਦ ਪਾਰੋਂ ਤਸਕਰੀ ਕਰਨ ਵਾਲੇ ਨੈੱਟਵਰਕ ਦਾ ਪਰਦਾਫਾਸ਼; 4 ਤਸਕਰ ਗ੍ਰਿਫ਼ਤਾਰ

**ਅੰਮ੍ਰਿਤਸਰ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅੰਮ੍ਰਿਤਸਰ ਕਮਿਸ਼ਨਰੇਟ ਪੁਲੀਸ ਨੇ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਕਰਦੇ ਹੋਏ ਚਾਰ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ। ਉਨ੍ਹਾਂ ਕੋਲੋਂ 5.557 ਕਿਲੋਗ੍ਰਾਮ ਹੈਰੋਇਨ ਅਤੇ ਦੋ ਪਿਸਤੌਲ ਬਰਾਮਦ ਕੀਤੇ ਹਨ। ਇਹ ਜਾਣਕਾਰੀ ਡੀਜੀਪੀ ਗੌਰਵ ਯਾਦਵ ਨੇ ਦਿੱਤੀ। ਆਪਣੇ ਸੋਸ਼ਲ ਮੀਡੀਆ ਖਾਤੇ ਐਕਸ ਤੇ ਇਸ ਦਾ ਖੁਲਾਸਾ ਕਰਦਿਆਂ ਉਨ੍ਹਾਂ ਦੱਸਿਆ ਹੈ ਕਿ ਮੁੱਢਲੀ ਜਾਂਚ ਤੋਂ ਪਤਾ ਲਗਾ ਹੈ ਕਿ ਮੁਲਜ਼ਮ ਵਿਦੇਸ਼ੀ ਤਸਕਰਾਂ ਦੇ ਸੰਪਰਕ ਵਿੱਚ ਸਨ।

ਉਹ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਖੇਪ ਪ੍ਰਾਪਤ ਕਰਕੇ ਅੱਗੇ




ਅਪਰਾਧਿਕ ਤੱਤਾਂ ਨੂੰ ਇਸ ਦੀ ਸਪਲਾਈ ਕਰਦੇ ਸਨ। ਇਸ ਸਬੰਧ ਵਿੱਚ ਇਸਲਾਮਾਬਾਦ ਅਤੇ ਛੇਹਰਟਾ, ਅੰਮ੍ਰਿਤਸਰ ਦੇ ਪੁਲੀਸ ਸਟੇਸ਼ਨਾਂ ਵਿੱਚ ਕੇਸ ਦਰਜ ਕੀਤੇ ਹਨ। ਉਨ੍ਹਾਂ ਦੱਸਿਆ ਕਿ ਇਸ ਨੈਟਵਰਕ ਵਿੱਚ ਸ਼ਾਮਲ ਮੁਲਜ਼ਮਾਂ ਦੇ ਸਾਰੇ ਸਾਥੀਆਂ ਦੀ ਪਛਾਣ ਕਰਨ ਲਈ ਹੋਰ ਜਾਂਚ ਜਾਰੀ ਹੈ।

## ਰਜਿਸਟਰੀ ਭਾਸ਼ਾ 'ਚੋਂ ਉਰਦੂ-ਫਾਰਸੀ ਦੇ 35 ਔਖੇ ਸ਼ਬਦ ਬਦਲੇ

**ਮੁਹਾਲੀ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਲੋਕਾਂ ਨੂੰ ਆਪਣੀ ਜ਼ਮੀਨ ਅਤੇ ਹੋਰ ਸੰਪੱਤੀ ਦੀ ਖਰੀਦ ਵੇਚ ਸਮੇਂ ਰਜਿਸਟਰੇਸ਼ਨ ਕਰਾਉਣ ਲਈ ਵਰਤੇ ਜਾਂਦੇ 35 ਔਖੇ ਸ਼ਬਦਾਂ ਤੋਂ ਹੁਣ ਛੁਟਕਾਰਾ ਮਿਲ ਜਾਵੇਗਾ। ਇਨ੍ਹਾਂ ਸ਼ਬਦਾਂ ਵਿੱਚੋਂ ਬਹੁਤੇ ਸ਼ਬਦ ਉਰਦੂ ਅਤੇ ਫਾਰਸੀ ਨਾਲ ਸੰਬੰਧਿਤ ਸਨ, ਜਿਹੜੇ ਕਿ ਸਦੀਆਂ ਤੋਂ ਚਲੇ ਆ ਰਹੇ ਸਨ।

ਕੁਝ ਸਮਾਂ ਪਹਿਲਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਾਲ ਵਿਭਾਗ ਵਿੱਚ ਵਰਤੇ ਜਾਂਦੇ ਇਹਨਾਂ ਔਖੇ ਸ਼ਬਦਾਂ ਦੀ ਥਾਂ ਸੌਖੇ ਸ਼ਬਦ ਲਿਆਉਣ ਦਾ ਨਿਰਦੇਸ਼ ਦਿੱਤਾ ਸੀ। ਇਸੇ ਆਧਾਰ ਤੇ ਮਾਲ ਅਤੇ ਪੁਨਰਵਾਸ ਵਿਭਾਗ ਵੱਲੋਂ ਇੱਕ ਕਮੇਟੀ ਦਾ ਗਠਿਤ ਕੀਤਾ ਗਿਆ ਸੀ। ਕਮੇਟੀ ਵੱਲੋਂ ਸੰਪਤੀ ਦੀ ਰਜਿਸਟਰੇਸ਼ਨ ਦੀ ਭਾਸ਼ਾ ਨੂੰ ਸੁਖਾਲਾ ਬਣਾਉਣ ਲਈ ਪੁਰਾਣੇ 35 ਔਖੇ ਸ਼ਬਦ ਦੀ ਥਾਂ ਨਵੇਂ ਸੌਖੇ 35 ਸ਼ਬਦਾਂ ਦੀ ਸਿਫਾਰਸ਼ ਕੀਤੀ ਗਈ ਸੀ। ਮਾਲ ਤੇ ਪੁਨਰਵਾਸ ਵਿਭਾਗ ਦੀ ਸਟੈਂਪ ਅਤੇ ਰਜਿਸਟਰੇਸ਼ਨ ਸ਼ਾਖਾ ਵੱਲੋਂ ਇਸ ਸਬੰਧੀ ਇੰਸਪੈਕਟਰ ਜਨਰਲ ਆਫ਼ ਰਜਿਸਟਰੇਸ਼ਨ ਅਤੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਇੱਕ ਪੱਤਰ ਲਿਖ ਕੇ ਪੁਰਾਣੇ ਅਤੇ ਨਵੇਂ ਸਿਫਾਰਸ਼ ਕੀਤੇ ਸ਼ਬਦਾਂ ਦੀ ਸੂਚੀ ਸਾਂਝੀ ਕੀਤੀ ਗਈ ਹੈ। ਵਿਭਾਗ ਵੱਲੋਂ ਭੇਜੇ ਪੱਤਰ ਵਿੱਚ ਆਮ ਜਨਤਾ ਦੀ ਸਹੂਲਤ ਲਈ ਪ੍ਰਾਪਰਟੀ ਦੀ ਰਜਿਸਟਰੇਸ਼ਨ ਦੀ ਭਾਸ਼ਾ ਨੂੰ ਸੁਖਾਲਾ ਬਣਾਉਣ ਲਈ ਨਵੇਂ ਤਜਵੀਜ਼ ਕੀਤੇ ਗਏ ਸ਼ਬਦਾਂ ਨੂੰ ਵਰਤਣ ਨੂੰ ਤਰਜੀਹੀ ਤੌਰ ਤੇ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ।






## ਬਜ਼ੁਰਗਾਂ ਦੀ ਸੁਰੱਖਿਆ ਲਈ ਪੰਜਾਬ ਸਰਕਾਰ ਦਾ ਵੱਡਾ ਕਦਮ; ਬਜ਼ੁਰਗਾਂ ਦੇ ਮਾਣ-ਸਤਿਕਾਰ, ਦੇਖਭਾਲ ਅਤੇ ਕਾਨੂੰਨੀ ਸੁਰੱਖਿਆ ਨੂੰ ਕੀਤਾ ਜਾਵੇਗਾ ਯਕੀਨੀ

### ਮਾਪਿਆਂ ਦੀ ਦੇਖਭਾਲ ਅਤੇ ਭਰਨ-ਪੋਸ਼ਣ ਉਨ੍ਹਾਂ ਦਾ ਕਾਨੂੰਨੀ ਅਧਿਕਾਰ : ਬਲਜੀਤ ਕੌਰ


**ਚੰਡੀਗੜ੍ਹ 18 ਜੁਲਾਈ**
**-ਛਤਰਪਾਲ ਸਿੰਘ-**

ਸੂਬੇ ਦੇ ਹਰ ਬਜ਼ੁਰਗ ਨੂੰ ਮਾਣ-ਸਤਿਕਾਰ ਅਤੇ ਸਨਮਾਨ ਭਰੀ ਜ਼ਿੰਦਗੀ ਦੇਣ ਦੀ ਪੰਜਾਬ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਇੱਥੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਸੂਬੇ ਦੇ ਸਾਰੇ ਸੀਨੀਅਰ ਸਿਟੀਜ਼ਨਾਂ ਦੀ ਭਲਾਈ ਲਈ ਤੱਤਪਰ ਹੈ। ਉਨ੍ਹਾਂ ਕਿਹਾ ਕਿ 'ਮਾਪਿਆਂ ਅਤੇ ਸੀਨੀਅਰ ਸਿਟੀਜ਼ਨਾਂ ਦਾ ਭਰਨ-ਪੋਸ਼ਣ ਅਤੇ ਭਲਾਈ ਐਕਟ, 2007' ਇੱਕ ਇਤਿਹਾਸਕ ਕਾਨੂੰਨ ਹੈ, ਜੋ ਬਜ਼ੁਰਗਾਂ ਨੂੰ ਬੇਸਹਾਰਾ ਹੋਣ ਅਤੇ ਆਰਥਿਕ ਅਸੁਰੱਖਿਆ ਵਿਰੁੱਧ ਇੱਕ ਮਜ਼ਬੂਤ ਕਾਨੂੰਨੀ ਸੁਰੱਖਿਆ ਘੇਰਾ ਪ੍ਰਦਾਨ ਕਰਦਾ ਹੈ।

ਡਾ. ਬਲਜੀਤ ਕੌਰ ਨੇ ਸਪੱਸ਼ਟ ਕੀਤਾ ਕਿ ਜਿਹੜੇ ਮਾਪੇ ਆਪਣਾ ਖਰਚਾ ਚੁੱਕਣ ਦੇ ਸਮਰੱਥ ਨਹੀਂ ਹਨ, ਉਨ੍ਹਾਂ ਦਾ ਖ਼ਿਆਲ ਰੱਖਣਾ ਬੱਚਿਆਂ ਅਤੇ ਵਾਰਸਾਂ ਦੀ ਕਾਨੂੰਨੀ ਤੇ ਨੈਤਿਕ ਜ਼ਿੰਮੇਵਾਰੀ ਹੈ। ਇਹ ਐਕਟ ਬਜ਼ੁਰਗਾਂ ਨੂੰ ਲੰਮੀ ਕਾਨੂੰਨੀ ਪ੍ਰਕਿਰਿਆ ਤੋਂ ਬਚਾਉਂਦੇ ਹੋਏ, ਇੱਕ ਸਰਲ, ਸਸਤੇ ਅਤੇ ਸਮਾਂ-ਬੱਧ ਤਰੀਕੇ ਨਾਲ ਮਹੀਨਾਵਾਰ ਗੁਜ਼ਾਰਾ ਭੱਤਾ ਲੈਣ ਦਾ ਹੱਕ ਦਿੰਦਾ ਹੈ ਤਾਂ ਜੋ ਉਨ੍ਹਾਂ ਨੂੰ ਬਿਨਾਂ ਕਿਸੇ ਮਾਨਸਿਕ ਪ੍ਰੇਸ਼ਾਨੀ ਜਾਂ ਦਫ਼ਤਰੀ ਚੱਕਰਾਂ ਦੇ ਜਲਦੀ ਇਨਸਾਫ਼ ਮਿਲ ਸਕੇ।

ਬਜ਼ੁਰਗਾਂ ਦੀ ਤੁਰੰਤ ਮਦਦ ਲਈ ਸਰਕਾਰ ਵੱਲੋਂ ਚਲਾਈ ਜਾ ਰਹੀ ਵਿਸ਼ੇਸ਼ ਸਹੂਲਤ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਦੀ ਹਰ ਛੋਟੀ-ਵੱਡੀ ਮੁਸ਼ਕਲ ਦੇ ਤੁਰੰਤ ਹੱਲ ਲਈ 'ਐਲਡਰ ਲਾਈਨ' (ਨੈਸ਼ਨਲ ਹੈਲਪਲਾਈਨ ਨੰਬਰ: 14567) ਸਫ਼ਲਤਾਪੂਰਵਕ ਚਲਾਈ ਜਾ ਰਹੀ ਹੈ। ਕੋਈ ਵੀ ਬਜ਼ੁਰਗ ਜੋ ਕਿਸੇ ਕਿਸਮ ਦੀ ਮਾਨਸਿਕ, ਕਾਨੂੰਨੀ ਜਾਂ ਸਰੀਰਕ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਿਹਾ ਹੈ, ਉਹ ਇਸ ਮੁਫ਼ਤ ਨੰਬਰ 'ਤੇ ਸੰਪਰਕ ਕਰ ਸਕਦਾ ਹੈ। ਇਹ ਹੈਲਪਲਾਈਨ ਸਿਰਫ਼ ਇੱਕ ਨੰਬਰ ਨਹੀਂ, ਸਗੋਂ ਬਜ਼ੁਰਗਾਂ ਲਈ ਇੱਕ ਸੁਰੱਖਿਅਤ ਸਹਾਰਾ ਹੈ, ਜਿੱਥੇ ਉਨ੍ਹਾਂ ਦੀ ਗੱਲ ਨੂੰ ਪੂਰੀ ਹਮਦਰਦੀ ਨਾਲ ਸੁਣਿਆ ਅਤੇ ਹੱਲ ਕੀਤਾ ਜਾਂਦਾ ਹੈ।

ਕਾਨੂੰਨੀ ਹੱਕਾਂ ਦੇ ਨਾਲ-ਨਾਲ ਬਜ਼ੁਰਗਾਂ ਦੀ ਸਿਹਤ ਅਤੇ ਜਾਗਰੂਕਤਾ ਨੂੰ ਸਰਕਾਰ ਦੀ ਮੁੱਖ ਤਰਜੀਹ ਦੱਸਦਿਆਂ ਡਾ. ਬਲਜੀਤ ਕੌਰ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਕਿ ਸੂਬੇ ਦੇ ਬਜ਼ੁਰਗਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਲਈ ਜ਼ਿਲ੍ਹਾ ਪੱਧਰ 'ਤੇ ਵਿਸ਼ੇਸ਼ ਮੁਹਿੰਮਾਂ



ਚਲਾਈਆਂ ਜਾਣ। ਉਨ੍ਹਾਂ ਜ਼ੋਰ ਦਿੱਤਾ ਕਿ ਇਸ ਪਵਿੱਤਰ ਕਾਰਜ ਵਿੱਚ ਸਥਾਨਕ ਸਮਾਜ ਸੇਵੀ ਸੰਸਥਾਵਾਂ ਅਤੇ ਇਲਾਕੇ ਦੀਆਂ ਉੱਘੀਆਂ ਸ਼ਖਸੀਅਤਾਂ ਦਾ ਵੀ ਸਰਗਰਮ ਸਹਿਯੋਗ ਲਿਆ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਸਾਂਝਾ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਸੂਬਾ ਪੱਧਰੀ ਵਿਸ਼ੇਸ਼ ਸਿਹਤ ਕੈਂਪਾਂ ਦਾ ਆਯੋਜਨ ਵੀ ਕੀਤਾ ਜਾਂਦਾ ਹੈ, ਤਾਂ ਜੋ ਸਾਡੇ ਸਤਿਕਾਰਯੋਗ ਬਜ਼ੁਰਗਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਮਿਆਰੀ ਸਿਹਤ ਸਹੂਲਤਾਂ ਅਤੇ ਮੁਫ਼ਤ ਡਾਕਟਰੀ ਜਾਂਚ ਮੁਹੱਈਆ ਕਰਵਾ ਕੇ ਇੱਕ ਤੰਦਰੁਸਤ ਅਤੇ ਨਰੋਇਆ ਜੀਵਨ ਦਿੱਤਾ ਜਾ ਸਕੇ।

ਡਾ. ਬਲਜੀਤ ਕੌਰ ਨੇ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ 'ਮਾਪਿਆਂ ਅਤੇ ਸੀਨੀਅਰ ਸਿਟੀਜ਼ਨਾਂ ਦਾ ਭਰਨ-ਪੋਸ਼ਣ ਅਤੇ ਭਲਾਈ ਐਕਟ, 2007' ਅਧੀਨ ਭਰਨ-ਪੋਸ਼ਣ ਜਾਂ ਕਾਨੂੰਨੀ ਸੁਰੱਖਿਆ ਲਈ ਮਾਪੇ ਅਤੇ ਸੀਨੀਅਰ ਸਿਟੀਜ਼ਨ ਆਪਣੇ ਜ਼ਿਲ੍ਹੇ ਦੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਕੋਲ ਜਾਂ ਸਬੰਧਤ ਉਪ ਮੰਡਲ ਮੈਜਿਸਟ੍ਰੇਟ (ਐਸ.ਡੀ.ਐਮ.) ਕੋਲ ਸ਼ਿਕਾਇਤ ਦਰਜ ਕਰਵਾ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਐਸ.ਡੀ.ਐਮ. ਇਸ ਐਕਟ ਤਹਿਤ ਮੇਨਟੇਨੈਂਸ ਟ੍ਰਿਬਿਊਨਲ ਵਜੋਂ ਕੰਮ ਕਰਦੇ ਹਨ ਅਤੇ ਬਜ਼ੁਰਗਾਂ ਦੀਆਂ ਸ਼ਿਕਾਇਤਾਂ ਦਾ ਸਮਾਂਬੱਧ ਨਿਪਟਾਰਾ ਕਰਕੇ ਉਨ੍ਹਾਂ ਦੇ ਕਾਨੂੰਨੀ ਹੱਕਾਂ ਦੀ ਰਾਖੀ ਨੂੰ ਯਕੀਨੀ ਬਣਾਉਂਦੇ ਹਨ।

ਇਸ ਐਕਟ ਦੀਆਂ ਪਰਿਵਾਰਕ ਤੇ ਸਮਾਜਿਕ ਧਾਰਾਵਾਂ ਬਾਰੇ ਹੋਰ ਜਾਣਕਾਰੀ ਦਿੰਦਿਆਂ ਮੰਤਰੀ ਨੇ ਦੱਸਿਆ ਕਿ ਬਜ਼ੁਰਗਾਂ ਦੀ ਸਹੂਲਤ ਲਈ ਇਹ ਅਰਜ਼ੀਆਂ ਖ਼ੁਦ ਮਾਪਿਆਂ ਤੋਂ ਇਲਾਵਾ ਉਨ੍ਹਾਂ ਦੇ ਅਧਿਕਾਰਤ ਨੁਮਾਇੰਦਿਆਂ ਜਾਂ ਕਿਸੇ ਮਾਨਤਾ ਪ੍ਰਾਪਤ ਸਵੈ-ਸੇਵੀ ਸੰਸਥਾ ਵੱਲੋਂ ਵੀ ਦਾਇਰ ਕੀਤੀਆਂ ਜਾ ਸਕਦੀਆਂ ਹਨ, ਜਿਸ ਨਾਲ ਇਹ ਸਾਰੀ ਪ੍ਰਕਿਰਿਆ ਬੇਹੱਦ ਆਸਾਨ ਬਣ ਜਾਂਦੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਸ ਕਾਨੂੰਨ ਵਿੱਚ ਬਜ਼ੁਰਗਾਂ ਨਾਲ ਮਾੜਾ ਸਲੂਕ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੱਦ ਸ਼ਾਮਲ ਹੈ। ਜੇਕਰ ਕੋਈ ਬਜ਼ੁਰਗ ਆਪਣੀ ਦੇਖਭਾਲ ਦੀ ਸ਼ਰਤ 'ਤੇ ਆਪਣੀ ਜਾਇਦਾਦ ਕਿਸੇ ਦੇ ਨਾਮ ਕਰਦਾ ਹੈ, ਪਰ ਜਾਇਦਾਦ ਲੈਣ ਵਾਲਾ ਵਿਅਕਤੀ ਆਪਣਾ ਇਹ ਵਾਅਦਾ ਪੂਰਾ ਨਹੀਂ ਕਰਦਾ, ਤਾਂ ਟ੍ਰਿਬਿਊਨਲ ਕੋਲ ਉਸ ਰਜਿਸਟਰੀ ਜਾਂ ਤਬਾਦਲੇ ਨੂੰ ਰੱਦ ਕਰਨ ਦਾ ਪੂਰਾ ਅਧਿਕਾਰ ਹੈ। ਇਸ ਤੋਂ ਇਲਾਵਾ ਸੂਬੇ ਵਿੱਚ ਬਿਰਧ ਆਸ਼ਰਮਾਂ (ਓਲਡ ਏਜ ਹੋਮਜ਼) ਦੀ ਸਥਾਪਨਾ ਅਤੇ ਭਰਨ-ਪੋਸ਼ਣ ਅਫ਼ਸਰਾਂ ਦੀ ਨਿਯੁਕਤੀ ਵਰਗੇ ਵਿਸ਼ੇਸ਼ ਪ੍ਰਬੰਧ ਵੀ ਕੀਤੇ ਗਏ ਹਨ।

ਸੂਬੇ ਦੇ ਲੋਕਾਂ ਨੂੰ ਭਾਵੁਕ ਅਪੀਲ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਪਰਿਵਾਰ ਦੇ ਬਜ਼ੁਰਗ ਸਾਡੀ ਜ਼ਿੰਦਗੀ ਦੀ ਨੀਂਹ ਹਨ। ਉਨ੍ਹਾਂ ਦੀ ਸੇਵਾ-ਸੰਭਾਲ ਕਰਨਾ ਨਾ ਸਿਰਫ਼ ਕਾਨੂੰਨ ਹੈ, ਸਗੋਂ ਪੰਜਾਬ ਦੇ ਅਮੀਰ ਸੱਭਿਆਚਾਰ ਅਤੇ ਨੈਤਿਕ ਕਦਰਾਂ-ਕੀਮਤਾਂ ਦੀ ਰੂਹ ਹੈ। ਪੰਜਾਬ ਸਰਕਾਰ ਬਜ਼ੁਰਗਾਂ ਦੀ ਅੱਖ ਵਿੱਚ ਹੰਝੂ ਨਹੀਂ ਦੇਖ ਸਕਦੀ ਅਤੇ ਉਨ੍ਹਾਂ ਦੇ ਮਾਣ-ਸਨਮਾਨ ਦੀ ਰਾਖੀ ਲਈ ਹਰ ਸਮੇਂ ਵਚਨਬੱਧ ਹੈ ਤਾਂ ਜੋ ਉਹ ਸਮਾਜ ਵਿੱਚ ਸਿਰ ਉੱਚਾ ਕਰਕੇ, ਆਜ਼ਾਦ ਅਤੇ ਸ਼ਾਂਤੀਪੂਰਨ ਜੀਵਨ ਬਤੀਤ ਕਰ ਸਕਣ।

ਸੰਪਾਦਕੀ

# ਨਵੀਂ ਸ਼ੁਰੂਆਤ ਦੀ ਜ਼ਰੂਰਤ

## ਸੋਨਮ ਵਾਂਗਚੁਕ - ਇੱਕ ਵਿਅਕਤੀ ਨਹੀਂ, ਲੋਕਤੰਤਰ ਦੇ ਸਵਾਲਾਂ ਦੀ ਆਵਾਜ਼

ਲੋਕਤੰਤਰ ਦੀ ਪੁਖਤਾ ਤਾਕਤ ਸਿਰਫ਼ ਚੋਣਾਂ ਨਹੀਂ, ਸਗੋਂ ਉਸ ਨੈਤਿਕ ਹਿੰਮਤ ਵਿੱਚ ਵੱਸਦੀ ਹੈ ਜਿਸ ਦੇ ਆਧਾਰ ’ਤੇ ਇੱਕ ਨਾਗਰਿਕ ਸੱਤਾ ਤੋਂ ਸਵਾਲ ਪੁੱਛ ਸਕਦਾ ਹੈ। ਜਦੋਂ ਕੋਈ ਵਿਅਕਤੀ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰਦਾ ਹੈ ਅਤੇ ਆਖ਼ਰਕਾਰ ਆਪਣੇ ਹੀ ਸਰੀਰ ਨੂੰ ਵਿਰੋਧ ਦਾ ਸਾਧਨ ਬਣਾ ਲੈਂਦਾ ਹੈ, ਤਾਂ ਉਸ ਦਾ ਸੰਘਰਸ਼ ਸਿਰਫ਼ ਨਿੱਜੀ ਨਹੀਂ ਰਹਿੰਦਾ, ਸਗੋਂ ਲੋਕਤੰਤਰਕ ਚਰਚਾ ਦਾ ਮਹੱਤਵਪੂਰਨ ਹਿੱਸਾ ਬਣ ਜਾਂਦਾ ਹੈ।

ਇੰਜੀਨੀਅਰ, ਸਿੱਖਿਆ ਸ਼ਾਸਤਰੀ, ਵਾਤਾਵਰਣ ਪ੍ਰੇਮੀ ਅਤੇ ਨਵੀਨਤਾ ਦੇ ਪ੍ਰਤੀਕ ਸੋਨਮ ਵਾਂਗਚੁਕ ਦਾ ਜਨਤਕ ਜੀਵਨ ਇਸੇ ਸੋਚ ਨੂੰ ਦਰਸਾਉਂਦਾ ਹੈ। ਲੱਦਾਖ ਵਿੱਚ ਸਿੱਖਿਆ ਸੁਧਾਰ, ਵਾਤਾਵਰਣ ਸੰਭਾਲ, ਹਿਮਾਲਿਆਈ ਪਰਿਆਵਰਣ ਦੀ ਰੱਖਿਆ ਅਤੇ ਸਥਾਨਕ ਭਾਈਚਾਰਿਆਂ ਦੇ ਅਧਿਕਾਰਾਂ ਲਈ ਉਨ੍ਹਾਂ ਵੱਲੋਂ ਕੀਤੇ ਗਏ ਯਤਨਾਂ ਨੂੰ ਦੇਸ਼ ਅਤੇ ਵਿਦੇਸ਼ ਦੋਵਾਂ ਪੱਧਰਾਂ ’ਤੇ ਪ੍ਰਸ਼ੰਸਾ ਮਿਲੀ ਹੈ।

ਪਿਛਲੇ ਕੁਝ ਸਾਲਾਂ ਵਿੱਚ ਉਨ੍ਹਾਂ ਦੀ ਭੂਮਿਕਾ ਸਿਰਫ਼ ਨਵੀਨਤਾ ਤੱਕ ਸੀਮਤ ਨਹੀਂ ਰਹੀ। ਉਨ੍ਹਾਂ ਨੇ ਸੰਵਿਧਾਨਕ ਸੁਰੱਖਿਆ, ਵਾਤਾਵਰਣ ਸੰਭਾਲ ਅਤੇ ਜਨਹਿਤ ਨਾਲ ਜੁੜੇ ਮੁੱਦਿਆਂ ’ਤੇ ਅਹਿੰਸਕ ਅੰਦੋਲਨਾਂ ਰਾਹੀਂ ਆਪਣੀ ਗੱਲ ਰੱਖੀ। ਉਨ੍ਹਾਂ ਦਾ ਮੰਨਣਾ ਰਿਹਾ ਹੈ ਕਿ ਲੋਕਤੰਤਰ ਵਿੱਚ ਅਸਹਿਮਤੀ ਕੋਈ ਜੁਰਮ ਨਹੀਂ, ਸਗੋਂ ਸ਼ਾਸਨ ਨੂੰ ਹੋਰ ਜਵਾਬਦੇਹ ਬਣਾਉਣ ਦਾ ਇੱਕ ਮਹੱਤਵਪੂਰਨ ਸਾਧਨ ਹੈ।

ਹਾਲ ਹੀ ਵਿੱਚ ਉਨ੍ਹਾਂ ਨੇ ਆਪਣੀਆਂ ਮੰਗਾਂ ਦੇ ਸਮਰਥਨ ਵਿੱਚ ਅਣਮਿੱਥੇ ਸਮੇਂ ਦੀ ਭੁੱਖ ਹੜਤਾਲ ਸ਼ੁਰੂ ਕੀਤੀ। ਇਹ ਅੰਦੋਲਨ ਸਿੱਖਿਆ ਪ੍ਰਣਾਲੀ ਨਾਲ ਜੁੜੇ ਗੰਭੀਰ ਸਵਾਲਾਂ ਅਤੇ ਜਵਾਬਦੇਹੀ ਦੀ ਮੰਗ ਨੂੰ ਲੈ ਕੇ ਸੀ। ਜਿਵੇਂ-ਜਿਵੇਂ ਉਨ੍ਹਾਂ ਦੀ ਸਿਹਤ ਪ੍ਰਭਾਵਿਤ ਹੋਈ, ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਉਨ੍ਹਾਂ ਦੇ ਸਮਰਥਨ ਵਿੱਚ ਆਵਾਜ਼ਾਂ ਉੱਠਣ ਲੱਗੀਆਂ ਅਤੇ ਸਰਕਾਰ ਨਾਲ ਗੱਲਬਾਤ ਦੀ ਮੰਗ ਵੀ ਤੇਜ਼ ਹੋ ਗਈ।

ਭੁੱਖ ਹੜਤਾਲ ਦੌਰਾਨ ਪੁਲਿਸ ਵੱਲੋਂ ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ। ਜਦਕਿ ਅੰਦੋਲਨ ਨਾਲ ਜੁੜੇ ਲੋਕਾਂ ਨੇ ਇਸ ਨੂੰ ਉਨ੍ਹਾਂ ਦੀ ਇੱਛਾ ਦੇ ਵਿਰੁੱਧ ਕੀਤੀ ਕਾਰਵਾਈ ਕਰਾਰ ਦਿੱਤਾ। ਇਹੀ ਲੋਕਤੰਤਰ ਦੀ ਲਈ ਜਟਿਲਤਾ ਹੈ, ਜਿੱਥੇ ਇੱਕ ਪਾਸੇ ਰਾਜ ਜੀਵਨ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਦੀ ਗੱਲ ਕਰਦਾ ਹੈ ਅਤੇ ਦੂਜੇ ਪਾਸੇ ਪ੍ਰਦਰਸ਼ਨਕਾਰੀ ਆਪਣੇ ਸ਼ਾਂਤਮਈ ਵਿਰੋਧ ਦੇ ਅਧਿਕਾਰ ’ਤੇ ਜ਼ੋਰ ਦਿੰਦੇ ਹਨ।

ਇਤਿਹਾਸ ਦੱਸਦਾ ਹੈ ਕਿ ਕਿਸੇ ਵੀ ਲੋਕਤੰਤਰ ਦੀ ਅਸਲ ਤਾਕਤ ਆਲੋਚਨਾ ਨੂੰ ਸੁਣਨ ਅਤੇ ਉਸ ਦਾ ਜਵਾਬ ਦੇਣ ਦੀ ਸਮਰੱਥਾ ਵਿੱਚ ਹੁੰਦੀ ਹੈ। ਸੋਨਮ ਵਾਂਗਚੁਕ ਦਾ ਸਫ਼ਰ ਇਹ ਵੀ ਯਾਦ ਦਿਵਾਉਂਦਾ ਹੈ ਕਿ ਲੋਕਤੰਤਰ ਸਿਰਫ਼ ਸੰਸਦ ਦੀਆਂ ਚਾਰ ਦੀਵਾਰੀਆਂ ਤੱਕ ਸੀਮਤ ਨਹੀਂ, ਸਗੋਂ ਉਹਨਾਂ ਨਾਗਰਿਕਾਂ ਦੀ ਆਵਾਜ਼ ਵਿੱਚ ਵੀ ਜ਼ਿੰਦਾ ਰਹਿੰਦਾ ਹੈ ਜੋ ਸੰਵਿਧਾਨਕ ਅਤੇ ਸ਼ਾਂਤਮਈ ਤਰੀਕਿਆਂ ਨਾਲ ਆਪਣੇ ਵਿਚਾਰ ਪ੍ਰਗਟ ਕਰਦੇ ਹਨ। ਕਿਸੇ ਵੀ ਮਾਮਲੇ ਦਾ ਅੰਤਿਮ ਮੁਲਾਂਕਣ ਕਾਨੂੰਨ, ਅਦਾਲਤ ਅਤੇ ਤੱਥਾਂ ਦੇ ਆਧਾਰ ’ਤੇ ਹੀ ਹੋਣਾ ਚਾਹੀਦਾ ਹੈ। ਪਰ ਸੰਵਾਦ ਦਾ ਦਰਵਾਜ਼ਾ ਬੰਦ ਹੋਣਾ ਕਿਸੇ ਵੀ ਲੋਕਤੰਤਰ ਲਈ ਸ਼ੁਭ ਸੰਕੇਤ ਨਹੀਂ ਮੰਨਿਆ ਜਾ ਸਕਦਾ।

**-ਛੱਤਰਪਾਲ ਸਿੰਘ**

**ਗੁਰਬਚਨ ਜਗਤ**

ਹਰ ਰੋਜ਼ ਸਵੇਰੇ ਉੱਠ ਕੇ ਰਾਸ਼ਟਰੀ ਅਖ਼ਬਾਰਾਂ ਦੀਆਂ ਸੁਰਖ਼ੀਆਂ ਫਰੋਲਦਿਆਂ, ਮੋਬਾਈਲ ਫੋਨ ਦੀ ਸਕਰੀਨ ਸਕ੍ਰੋਲ ਕਰਦਿਆਂ ਜਾਂ ਟੀ ਵੀ ਚੈਨਲਾਂ ’ਤੇ ਨਜ਼ਰ ਮਾਰਦਿਆਂ ਦਿਲ ਕਿਸੇ ਉਤਸ਼ਾਹਜਨਕ ਖ਼ਬਰ ਦੀ ਤਲਾਸ਼ ਵਿੱਚ ਹੁੰਦਾ ਹੈ, ਪਰ ਨਿਰਾਸ਼ਾ ਹੀ ਪੱਲੇ ਪੈਂਦੀ ਹੈ। ਮਸਨੂਈ ਬੁੱਧੀ ਦੇ ਇਸ ਨਵੇਂ ਦੌਰ ਦੀ ਸ਼ੁਰੂਆਤ ਨਾਲ ਪੂਰੀ ਦੁਨੀਆ ਬੇਹੱਦ ਤੇਜ਼ ਰਫ਼ਤਾਰ ਨਾਲ ਅੱਗੇ ਵਧ ਰਹੀ ਹੈ। ਅਮਰੀਕਾ, ਚੀਨ, ਤਾਇਵਾਨ ਅਤੇ ਦੱਖਣੀ ਕੋਰੀਆ ਵਰਗੇ ਮੁਲਕਾਂ ਵਿੱਚ ਮੋਹਰੀ ਕਤਾਰ ਦੇ ਦੇਸ਼, ਕੰਪਨੀਆਂ, ਸੰਸਥਾਵਾਂ ਅਤੇ ਮਾਹਿਰ ਅੱਜ ਨਵੀਆਂ ਰੋਮਾਂਚਕ ਤਕਨੀਕਾਂ ਦੀ ਗੱਲ ਕਰ ਰਹੇ ਹਨ। ਉੱਥੇ ਕੁਆਂਟਮ ਕੰਪਿਊਟਿੰਗ, ਰੋਬੋਟਿਕਸ, ਸਵੱਛ ਊਰਜਾ ਅਤੇ ਏ ਆਈ ਦੇ ਸੰਵੇਦਨਸ਼ੀਲ ਤੇ ਹੋਸ਼ਮੰਦ ਹੋਣ ਵਰਗੇ ਵਿਸ਼ਿਆਂ ’ਤੇ ਚਰਚਾ ਛਿੜੀ ਹੋਈ ਹੈ। ਐਲਨ ਮਸਕ ਅਤੇ ਉਸ ਦੀ ਕੰਪਨੀ ਮੰਗਲ ਗ੍ਰਹਿ ’ਤੇ ਪਹੁੰਚਣ, ਪੁਲਾੜ ਯਾਤਰਾ ਅਤੇ ਪੁਲਾੜ ਵਿੱਚ ਡੇਟਾ ਸੈਂਟਰ ਸਥਾਪਿਤ ਕਰਨ ਦੀਆਂ ਗੱਲਾਂ ਕਰ ਰਹੇ ਹਨ। ਜਦੋਂ ਮੈਂ ਇਹ ਲੇਖ ਲਿਖ ਰਿਹਾ ਹਾਂ, ਉਸੇ ਵੇਲੇ ਦੁਨੀਆ ਵਿੱਚ ਮਨੁੱਖੀ ਸਮਰੱਥਾ ਅਤੇ ਕਲਪਨਾ ਨੂੰ ਇੱਕ ਨਵੀਂ ਉਡਾਣ ਮਿਲ ਰਹੀ ਹੈ।

ਜੇਕਰ ਅਸੀਂ ਆਪਣੇ ਦੇਸ਼ ਦੇ ਅੰਦਰੂਨੀ ਹਾਲਾਤ ਵੱਲ ਝਾਤ ਮਾਰੀਏ ਤਾਂ ਇੱਥੇ ਕੌਮੀ ਬਹਿਸ ਦਾ ਮੁੱਖ ਵਿਸ਼ਾ ਕੀ ਹੈ ? ਇੱਥੇ ਸਿਰਫ਼ ਸਿਆਸੀ ਅਤੇ ਧਾਰਮਿਕ ਟਕਰਾਅ ਦੀਆਂ ਖ਼ਬਰਾਂ ਹਨ, ਧਾਰਮਿਕ ਸੰਸਥਾਵਾਂ ਵੱਲੋਂ ਜਾਰੀ ਕੀਤੇ ਜਾਣ ਵਾਲੇ ਉਨ੍ਹਾਂ ਫ਼ਰਮਾਨਾਂ ਦੀਆਂ ਸੁਰਖ਼ੀਆਂ ਹਨ ਜੋ ਸਿੱਧੇ ਤੌਰ ’ਤੇ ਸਿਆਸੀ ਖੇਤਰ ਵਿੱਚ ਦਖ਼ਲ ਦਿੰਦੇ ਹਨ। ਪ੍ਰਮੁੱਖ ਧਾਰਮਿਕ ਅਸਥਾਨਾਂ ਨੂੰ ਮਿਲਣ ਵਾਲੇ ਚੜ੍ਹਾਵੇ ਦੀਆਂ ਜਾਂਚ-ਪੜਤਾਲਾਂ ਬਾਰੇ ਖ਼ਬਰਾਂ ਹਨ। ਫਿਰ ਵੱਖ-ਵੱਖ ਧਾਰਮਿਕ ਰੰਗਾਂ ਦੇ ਅਜਿਹੇ ਹਜ਼ਾਰਾਂ ਡੇਰੇ ਹਨ, ਜਿਨ੍ਹਾਂ ਨੂੰ ਸਥਾਨਕ ਸਾਧ-ਸੰਤ ਚਲਾ ਰਹੇ ਹਨ ਅਤੇ ਇੱਥੇ ਵੀ ਅਰਬਾਂ ਰੁਪਏ ਦਾ ਦਾਨ ਆਦਿ ਹੁੰਦਾ ਹੈ। ਹੌਲੀ-ਹੌਲੀ ਸਿਆਸਤ ਤੇ ਧਰਮ ਵਿਚਕਾਰਲੀ ਲੀਕ ਪੂਰੀ ਤਰ੍ਹਾਂ ਮਿਟ ਚੁੱਕੀ ਹੈ ਅਤੇ ਅੱਜ ਇਹ ਦੋਵੇਂ ਇੱਕ-ਦੂਜੇ ਦੇ ਪੂਰਕ ਬਣ ਕੇ ਚੱਲ ਰਹੇ ਹਨ।

ਇਸ ਚੌਤਰਫ਼ਾ ਹਫ਼ੜਾ-ਦਫ਼ੜੀ ਦੇ ਮਾਹੌਲ ਵਿੱਚ ਮਨੁੱਖ ਕਿਸੇ ਸਾਰਥਕ ਤਰਕ, ਤੱਥਾਂ ਜਾਂ ਸਹੀ ਦਿਸ਼ਾ ਦੀ ਤਲਾਸ਼ ਕਰਦਾ ਹੈ, ਅਜਿਹਾ ਕੁਝ ਜੋ ਰਾਸ਼ਟਰੀ ਹਿੱਤਾਂ ਨੂੰ ਅੱਗੇ ਵਧਾਉਣ ਵਾਲਾ ਹੋਵੇ। ਕੋਈ ਵੀ ਸੂਝਵਾਨ ਨਾਗਰਿਕ ਦੇਸ਼ ਦੇ ਸਰੋਕਾਰਾਂ ਨਾਲ ਜੁੜੇ ਸਪੱਸ਼ਟ ਸਿਆਸੀ ਜਾਂ ਆਰਥਿਕ ਦ੍ਰਿਸ਼ਟੀਕੋਣ ਨੂੰ ਲੱਭਣ ਦੀ ਕੋਸ਼ਿਸ਼ ਕਰਦਾ ਹੈ, ਚਾਹੇ ਉਹ ਸੱਜੇ-ਪੱਖੀ ਹੋਵੇ, ਕੇਂਦਰਵਾਦੀ, ਖੱਬੇ-ਪੱਖੀ, ਸਮਾਜਵਾਦੀ ਜਾਂ ਸਾਮਵਾਦੀ ਹੋਵੇ; ਪਰ ਇਹ ਸਭ ਵਿਅਰਥ ਸਾਬਿਤ ਹੁੰਦਾ ਹੈ ਕਿਉਂਕਿ ਅੱਜ ਹਰ ਸੰਵੇਦਨਸ਼ੀਲ ਮੁੱਦੇ ਅਤੇ ਵਿਚਾਰਧਾਰਾ ਉੱਤੇ ਮਹਿਜ਼ ਫ਼ਿਰਕਾਪ੍ਰਸਤੀ ਅਤੇ ਧਰਮ ਦੇ ਵੱਖ-ਵੱਖ ਰੰਗਾਂ ਦਾ ਮੁਲੰਮਾ ਚਾੜ੍ਹ ਦਿੱਤਾ ਗਿਆ ਹੈ।

ਹਰ ਰੋਜ਼ ਸਵੇਰੇ ਅਖ਼ਬਾਰ ਪੜ੍ਹਦਿਆਂ ਟੀ ਐੱਸ ਇਲੀਅਟ ਦੀ ਪ੍ਰਸਿੱਧ ਕਵਿਤਾ ‘ਦਿ ਵੇਸਟ ਲੈਂਡ’ ਦੀਆਂ ਇਹ ਸਤਰਾਂ ਯਾਦ ਆਉਂਦੀਆਂ ਹਨ ਇੱਥੇ ਪਾਣੀ ਨਹੀਂ, ਬਸ ਚੱਟਾਨ ਹੈ/ ਚੱਟਾਨ ਹੈ ਪਰ ਪਾਣੀ ਨਹੀਂ ਅਤੇ ਰੇਤਲਾ ਰਾਹ ਹੈ... । ਇਸ ਸਾਰੇ ਘਟਨਾਕ੍ਰਮ ਵਿੱਚ ਆਮ ਆਦਮੀ ਕਿੱਥੇ ਖੜ੍ਹਾ ਹੈ, ਜਿਸ ਦੇ ਨਾਂ ’ਤੇ ਇਹ ਸਭ ਕੁਝ ਕੀਤਾ ਜਾ ਰਿਹਾ ਹੈ ? ਉਹ ਤਾਂ ਮਹਿਜ਼ ‘ਬਲੀ ਦਾ ਬੱਕਰਾ’ ਬਣ ਕੇ ਰਹਿ ਗਿਆ ਹੈ, ਪਰ ਇਹ ‘ਬਲੀ ਦਾ ਬੱਕਰਾ’ ਅਸਲ ਵਿੱਚ ਚਾਹੁੰਦਾ ਕੀ ਹੈ ? ਕੀ ਉਹ ਇਨ੍ਹਾਂ ਹਨੇਰੀਆਂ ਗਲੀਆਂ ਵਿੱਚ ਭਟਕਣਾ ਚਾਹੁੰਦਾ ਹੈ ? ਬਿਲਕੁਲ ਨਹੀਂ, ਉਹ ਰੁਜ਼ਗਾਰ ਚਾਹੁੰਦਾ ਹੈ, ਆਪਣੇ ਪਰਿਵਾਰ ਲਈ ਦੋ ਡੰਗ ਦੀ ਰੋਟੀ ਚਾਹੁੰਦਾ ਹੈ, ਮੌਸਮ ਦੀ ਮਾਰ ਤੋਂ ਬਚਣ ਲਈ ਸਿਰ ’ਤੇ ਛੱਤ ਚਾਹੁੰਦਾ ਹੈ, ਆਪਣੇ ਬੱਚਿਆਂ ਲਈ ਚੰਗੀ ਸਿੱਖਿਆ ਤੇ ਸਿਹਤ ਸਹੂਲਤਾਂ ਚਾਹੁੰਦਾ ਹੈ ਅਤੇ ਉਹ ਚਾਹੁੰਦਾ ਹੈ ਕਿ ਸਰਕਾਰ ਉਸ ਦੀ ਜਾਨ-ਮਾਲ ਦੀ ਸੁਰੱਖਿਆ ਦੀ ਗਾਰੰਟੀ ਦੇਵੇ।

1990ਵਿਆਂ ਵਿੱਚ ਭਾਰਤੀ ਅਰਥਚਾਰੇ ਦੇ ਉਦਾਰੀਕਰਨ (ਖੁੱਲ੍ਹੇ ਬਾਜ਼ਾਰ ਦੀ ਨੀਤੀ) ਨੇ ਦੇਸ਼ ਦੀ ਦਬੀ ਹੋਈ ਸਮਰੱਥਾ ਨੂੰ ਇੱਕ ਨਵੀਂ ਉਡਾਣ ਦਿੱਤੀ ਅਤੇ ਇਸ ਦਾ ਪ੍ਰਤੱਖ ਪ੍ਰਮਾਣ ਸਾਨੂੰ ਸਾਡੇ ਆਈ ਟੀ (ਸੂਚਨਾ



ਤਕਨਾਲੋਜੀ) ਖੇਤਰ ਦੇ ਬੇਮਿਸਾਲ ਵਿਕਾਸ ਵਿੱਚ ਦੇਖਣ ਨੂੰ ਮਿਲਿਆ। ਉਸ ਦੌਰ ਵਿੱਚ ਆਈ ਆਈ ਟੀਜ਼, ਆਈ ਆਈ ਐੱਮਜ਼ ਅਤੇ ਖੇਤਰੀ ਇੰਜੀਨੀਅਰਿੰਗ ਕਾਲਜਾਂ ਦੁਆਰਾ ਬਣਾਈ ਗਈ ਮਜ਼ਬੂਤ ਅਕਾਦਮਿਕ ਬੁਨਿਆਦ ਨੇ ਸਿੱਖਿਆ ਦਾ ਅਜਿਹਾ ਮਿਆਰ ਪ੍ਰਦਾਨ ਕੀਤਾ, ਜਿਸ ਨੇ ਇਸ ਤਰੱਕੀ ਦਾ ਰਾਹ ਪੱਧਰਾ ਕੀਤਾ। ਨਿੱਜੀ ਕੋਸ਼ਿਸ਼ਾਂ ਅਤੇ ਸਰਕਾਰੀ ਉਤਸ਼ਾਹ ਦੇ ਸੁਮੇਲ ਨੇ ਇਸ ਪ੍ਰਕਿਰਿਆ ਨੂੰ ਹੋਰ ਸੁਖਾਲਾ ਬਣਾਇਆ ਅਤੇ ਸਮਾਂ ਬੀਤਣ ਨਾਲ ਭਾਰਤ ਆਈ ਟੀ ਸੇਵਾਵਾਂ ਦੇ ਖੇਤਰ ਵਿੱਚ ਇੱਕ ਆਲਮੀ ਮਹਾਸ਼ਕਤੀ ਬਣ ਕੇ ਉੱਭਰਿਆ। ਇਸ ਪੂਰੇ ਤਾਣੇ-ਬਾਣੇ ਨੇ ਪ੍ਰਤਿਭਾ ਦਾ ਅਜਿਹਾ ਵਿਸ਼ਾਲ ਭੰਡਾਰ ਪੈਦਾ ਕੀਤਾ, ਜਿਸ ਸਦਕਾ ਟੀ ਸੀ ਐੱਸ, ਇਨਫੋਸਿਸ, ਵਿਪਰੋ ਅਤੇ ਐੱਚ ਸੀ ਐੱਲ ਵਰਗੀਆਂ ਦਿੱਗਜ ਆਈ ਟੀ ਕੰਪਨੀਆਂ ਹੋਂਦ ਵਿੱਚ ਆਈਆਂ। ਭਾਰਤ ਨੇ ਵੱਡੇ ਪੱਧਰ ’ਤੇ ਆਪਣੀ ਇਸ ਮਨੁੱਖੀ ਪ੍ਰਤਿਭਾ ਦਾ ਵਿਦੇਸ਼ਾਂ ਵਿੱਚ ਵੀ ਪਸਾਰ ਕੀਤਾ। ਅੱਜ ਵੀ ਸੰਸਾਰ ਦੀਆਂ ਨਾਮਵਰ ਤਕਨੀਕੀ ਕੰਪਨੀਆਂ ਦੇ ਸਿਖਰਲੇ ਅਹੁਦਿਆਂ ’ਤੇ ਬੈਠੀਆਂ ਕਈ ਹਸਤੀਆਂ ਭਾਰਤੀ ਮੂਲ ਦੀਆਂ ਹਨ, ਜਿਨ੍ਹਾਂ ਨੇ ਸਫ਼ਲਤਾ ਦਾ ਸਫ਼ਰ ਸਾਡੀਆਂ ਆਈ ਆਈ ਟੀਜ਼ ਅਤੇ ਖੇਤਰੀ ਇੰਜੀਨੀਅਰਿੰਗ ਕਾਲਜਾਂ ਵਿੱਚੋਂ ਹੀ ਸ਼ੁਰੂ ਕੀਤਾ ਸੀ। ਸੱਤਿਆ ਨਾਡੇਲਾ, ਸੁੰਦਰ ਪਿਚਾਈ ਅਤੇ ਸ਼ਾਂਤਨੂ ਨਾਰਾਇਣ ਵਰਗੇ ਨਾਮ ਇਸ ਦੀ ਜਿਊਂਦੀ-ਜਾਗਦੀ ਮਿਸਾਲ ਹਨ। ਹੁਣ ਸਭ ਤੋਂ ਵੱਡਾ ਅਤੇ ਅਹਿਮ ਸਵਾਲ ਇਹ ਹੈ ਕਿ ਜਦੋਂ ਇਸ ਸਫ਼ਲ ਖੇਤਰ ਦੀ ਹੋਂਦ ’ਤੇ ਖ਼ਤਰਾ ਮੰਡਰਾ ਰਿਹਾ ਹੈ ਤਾਂ ਇਸ ਦਾ ਬਦਲ ਕੀ ਹੋਵੇਗਾ ? ਮਸਨੂਈ ਬੁੱਧੀ ਯਾਨੀ ਆਰਟੀਫੀਸ਼ੀਅਲ ਇੰਟੈਲੀਜੈਂਸ ਕਾਰਨ ਆ ਰਹੇ ਵੱਡੇ ਬਦਲਾਵਾਂ ਕਰਕੇ ਅੱਜ ਹਜ਼ਾਰਾਂ ਨੌਕਰੀਆਂ ਖ਼ਤਮ ਹੋ ਰਹੀਆਂ ਹਨ ਅਤੇ ਰੁਜ਼ਗਾਰ ਉੱਤੇ ਵੱਡਾ ਸੰਕਟ ਮੰਡਰਾ ਰਿਹਾ ਹੈ। 1990ਵਿਆਂ ਵਿੱਚ ਭਾਰਤ ਬਿਲਕੁਲ ਤਬਾਹੀ ਦੇ ਕੰਢੇ ਤੋਂ ਮੁੜਿਆ ਸੀ, ਪਰ ਕੀ ਸਾਨੂੰ ਆਪਣੀ ਹੋਂਦ ਅਤੇ ਸਮਰੱਥਾ ਦੀ ਪਛਾਣ ਕਰਨ ਲਈ ਦੁਬਾਰਾ ਉਸੇ ਕੰਢੇ ਤੱਕ ਪਹੁੰਚਣਾ ਪਵੇਗਾ ? ਸਾਡੇ ਕੋਲ ਅਤੀਤ ਦੀਆਂ ਸਫ਼ਲਤਾਵਾਂ ਦਾ ਇੱਕ ਅਜਿਹਾ ਖ਼ਾਕਾ ਮੌਜੂਦ ਹੈ, ਜਿਸ ਤੋਂ ਅਸੀਂ ਸੇਧ ਲੈ ਸਕਦੇ ਹਾਂ। ਇਸ ਵਿੱਚ ‘ਨੈਸਕੌਮ’ (NASSCOM), ਸੌਫਟਵੇਅਰ ਟੈਕਨਾਲੋਜੀ ਪਾਰਕਸ ਆਫ ਇੰਡੀਆ ਅਤੇ ਵਿਸ਼ੇਸ਼ ਆਰਥਿਕ ਜ਼ੋਨ ਵਰਗੀਆਂ ਸੰਸਥਾਵਾਂ ਦਾ ਗਠਨ, ਉਨ੍ਹਾਂ ਨੂੰ ਮਿਲਣ ਵਾਲੀਆਂ ਟੈਕਸ ਛੋਟਾਂ, ਬੁਨਿਆਦੀ ਢਾਂਚਾ ਅਤੇ ਉਸ ਦੌਰ ਦੇ ਸਾਰੇ ਉਦਾਰੀਕਰਨ ਸੁਧਾਰ ਸ਼ਾਮਿਲ ਹਨ।

ਉਸ ਵੇਲੇ ਸੂਚਨਾ ਤਕਨਾਲੋਜੀ ਉਦਯੋਗ ਨੂੰ ਵਿਸ਼ੇਸ਼ ਤੌਰ ’ਤੇ ਹੁਲਾਰਾ ਦਿੱਤਾ ਗਿਆ ਅਤੇ ਇਸ ਨੂੰ ਕੰਮ ਕਰਨ ਦੀ ਖੁੱਲ੍ਹ ਦਿੱਤੀ ਗਈ। ਸਰਕਾਰ ਨੇ ਮੁੱਖ ਤੌਰ ’ਤੇ ਇੱਕ ਸਹੂਲਤਕਾਰ ਵਜੋਂ ਭੂਮਿਕਾ ਨਿਭਾਈ ਅਤੇ ਸਰਕਾਰੀ ਦਫ਼ਤਰਾਂ ਦੀ ‘ਲਾਲ ਫ਼ੀਤਾਸ਼ਾਹੀ’ ਨੂੰ ਇਸ ਦੇ ਰਾਹ ਵਿੱਚ ਰੋੜਾ ਨਹੀਂ ਬਣਨ ਦਿੱਤਾ। ਆਈ ਟੀ ਖੇਤਰ ਨੇ ਪੂਰੇ ਦੇਸ਼ ਦੀ ਸੋਚ ਨੂੰ ਇੱਕ ਨਵੀਂ ਚਿਣਗ ਲਗਾਈ ਅਤੇ ਆਮ ਨਾਗਰਿਕ ਨੇ ਇਸ ਨੂੰ ਗ਼ਰੀਬੀ ਤੇ ਘੱਟ ਆਮਦਨ ਦੇ ਚੱਕਰਵਿਊਹ ਵਿੱਚੋਂ ਨਿਕਲਣ ਦੇ ਇੱਕ ਸੁਨਹਿਰੀ ਮੌਕੇ ਵਜੋਂ ਦੇਖਿਆ। ਸੰਖੇਪ ਵਿੱਚ ਕਹੀਏ ਤਾਂ ਇਸ ਖੇਤਰ ਨੇ ਸਾਡੇ ਪੜ੍ਹੇ-ਲਿਖੇ ਅਤੇ ਕਾਨੂੰਨ ਪਸੰਦ ਨਾਗਰਿਕਾਂ ਨੂੰ ਰੁਜ਼ਗਾਰ ਦੇ ਮੌਕੇ ਅਤੇ ਸਮਾਜਿਕ ਮਾਣ-ਸਤਿਕਾਰ ਦਿੱਤਾ ਅਤੇ ਦੇਸ਼ ਨੂੰ ਸੰਸਾਰ ਪੱਧਰ ’ਤੇ ਸੇਵਾਵਾਂ ਪ੍ਰਦਾਨ ਕਰਨ ਵਾਲੀ ਇੱਕ ਵੱਡੀ ਤਾਕਤ ਬਣਾਇਆ।

ਅੱਜ ਭਾਰਤ ਦਾ ਅਰਥਚਾਰਾ 1990ਵਿਆਂ ਦੇ ਮੁਕਾਬਲੇ ਕਈ ਗੁਣਾ ਵੱਡਾ ਹੈ, ਪਰ ਇਸ ਵੱਡੇ ਆਕਾਰ ਅਤੇ ਵਿਕਾਸ ਦੇ ਨਾਲ ਇੱਕ ਦੂਸਰਾ ਪੱਖ ਵੀ ਜੁੜਿਆ ਹੋਇਆ ਹੈ ਕਿ ਹੁਣ ਆਉਣ ਵਾਲੀ ਕੋਈ ਵੀ ਆਰਥਿਕ ਮੰਦੀ ਪਹਿਲਾਂ ਨਾਲੋਂ ਕਿਤੇ ਵੱਧ ਵਿਨਾਸ਼ਕਾਰੀ ਸਾਬਿਤ ਹੋ ਸਕਦੀ ਹੈ। ਜਿਹੜੇ ਲੋਕਾਂ ਨੇ ਇੱਕ ਚੰਗਾ ਜੀਵਨ ਪੱਧਰ ਹਾਸਲ ਕਰ ਲਿਆ ਹੈ ਅਤੇ ਜਿਨ੍ਹਾਂ ਨੇ ਆਈ ਟੀ ਦੇ ਇਸ ਸੁਪਨੇ ਵਿੱਚ ਆਪਣੀ ਜ਼ਿੰਦਗੀ ਦੀ ਕਮਾਈ ਨਿਵੇਸ਼ ਕੀਤੀ ਹੈ, ਅੱਜ ਉਨ੍ਹਾਂ ਕੋਲ ਗੁਆਉਣ ਲਈ ਬਹੁਤ ਕੁਝ ਹੈ। ਇਹ ਖ਼ਤਰਾ ਸਿਰਫ਼ ਸਿੱਧੇ ਤੌਰ ’ਤੇ ਨੌਕਰੀ ਕਰਨ ਵਾਲਿਆਂ ਲਈ ਹੀ ਨਹੀਂ ਸਗੋਂ ਉਨ੍ਹਾਂ ਸਮੁੱਚੇ ਕਾਰੋਬਾਰਾਂ ਤੇ ਆਰਥਿਕਤਾਵਾਂ ਲਈ ਵੀ ਹੈ, ਜੋ ਦੇਸ਼ ਦੇ ਵੱਡੇ ਆਈ ਟੀ ਕੇਂਦਰਾਂ ਸਦਕਾ ਵਿਕਸਿਤ ਹੋਏ ਹਨ। ਇਸ ਲਈ ਹੁਣ ਇਸ ਦਾ ਬਦਲ ਕੀ ਹੈ ? ਸਾਨੂੰ ਇੱਕ ਵਾਰ ਫਿਰ ਆਪਣੀ ਮੁਹਾਰਤ ਦਾ ਵਿਸ਼ੇਸ਼ ਖੇਤਰ ਲੱਭਣਾ ਪਵੇਗਾ ਅਤੇ ਸਰਕਾਰ ਨੂੰ ਮੁੜ ਇੱਕ ਰੈਗੂਲੇਟਰ) ਦੀ ਬਜਾਏ ਸਹੂਲਤਕਾਰ ਦੀ ਭੂਮਿਕਾ ਨਿਭਾਉਣੀ ਪਵੇਗੀ। ਸ਼ਾਇਦ ਇਹ ਨਵਾਂ ਖੇਤਰ ਏ ਆਈ ਸੰਚਾਲਿਤ ਸੇਵਾਵਾਂ ਅਤੇ ਡੇਟਾ ਸੈਂਟਰ ਹੋਣ ਜਾਂ ਫਿਰ ਇਲੈਕਟ੍ਰਿਕ ਵਾਹਨਾਂ ਤੇ ਸਵੱਛ ਊਰਜਾ ਦੇ ਖੇਤਰ ਵਿੱਚ ਆ ਰਹੀ ਵੱਡੀ ਕ੍ਰਾਂਤੀ ਹੋਵੇ। ਜਿਉਂ-ਜਿਉਂ ਸਾਡੀਆਂ ਊਰਜਾ ਲੋੜਾਂ ਵਧ ਰਹੀਆਂ ਹਨ ਅਤੇ ਜਲਵਾਯੂ ਪਰਿਵਰਤਨ ਦੀ ਹਕੀਕਤ ਸਾਹਮਣੇ ਆ ਰਹੀ ਹੈ, ਉਸ ਦੇ ਮੱਦੇਨਜ਼ਰ ਪਥਰਾਟ ਬਾਲਣ (ਫੌਸਿਲ ਫਿਊਲ) ਤੋਂ ਦੂਰੀ ਬਣਾਉਣਾ ਹੁਣ ਸਮੇਂ ਦੀ ਮੁੱਖ ਲੋੜ ਬਣ ਚੁੱਕਾ ਹੈ।

ਫਿਰ ਜਾਂ ਸ਼ਾਇਦ ਇਹ ਕਿਸੇ ਹੋਰ ਬਹੁਤ ਹੀ ਬੁਨਿਆਦੀ ਗੱਲ ਨੂੰ ਹੁਲਾਰਾ ਦੇਣ ਅਤੇ ਸੌਖਾ ਬਣਾਉਣ ਵਰਗਾ ਹੈ: ਕਿਹਾ ਜਾਂਦਾ ਹੈ ਕਿ ਭਾਰਤੀ ਕਾਰਪੋਰੇਟ ਘਰਾਣਿਆਂ ਦਾ 200 ਬਿਲੀਅਨ ਡਾਲਰ ਤੋਂ ਵੱਧ ਦਾ ਰਿਕਾਰਡ ਨਕਦ ਭੰਡਾਰ ਹੈ, ਜਿਸ ਦਾ ਵੱਡਾ ਹਿੱਸਾ ਪਿਛਲੇ ਚਾਰ ਸਾਲਾਂ ਦੌਰਾਨ ਇਕੱਠਾ ਹੋਇਆ ਹੈ। ਜਦੋਂ ਦੇਸ਼ ਵਿੱਚ ਵਿਕਾਸ ਦੀਆਂ ਇੰਨੀਆਂ ਸੰਭਾਵਨਾਵਾਂ ਮੌਜੂਦ ਹਨ ਅਤੇ ਬਹੁਤ ਕੁਝ ਕਰਨਾ ਬਾਕੀ ਹੈ ਤਾਂ ਉਹ ਭਾਰਤ ਵਿੱਚ ਨਿਵੇਸ਼ ਕਿਉਂ ਨਹੀਂ ਕਰ ਰਹੇ ? ਯਕੀਨਨ ਫਾਰਮਾ ਵਰਗੇ ਖੇਤਰਾਂ ਵਿੱਚ ਵੱਡੇ ਨਿਵੇਸ਼ ਦੀ ਸਖ਼ਤ ਲੋੜ ਹੈ। ਸਾਡੀਆਂ ਦਵਾਈਆਂ ਦਾ ਜ਼ਿਆਦਾਤਰ ਕੱਚਾ ਮਾਲ (ਏ ਪੀ ਆਈ) ਅਜੇ ਵੀ ਚੀਨ ਤੋਂ ਆਉਂਦਾ ਹੈ। ਇਸ ਕਰਕੇ ਅਸੀਂ ਕਿਸੇ ਦੂਜੇ ਦੇਸ਼ ਦੇ ਰਹਿਮੋ-ਕਰਮ ’ਤੇ ਹਾਂ, ਜੋ ਸਾਡੇ ਲਈ ਖ਼ਤਰਨਾਕ ਹੋ ਸਕਦਾ ਹੈ। ਸਾਨੂੰ ਇਸ ਬੁਨਿਆਦੀ ਘਾਟ ਨੂੰ ਦੂਰ ਕਰਨ ਲਈ ਵੱਡੇ ਨਿਵੇਸ਼ ਦੀ ਲੋੜ ਹੈ।

ਬੇਸ਼ੱਕ ਊਰਜਾ ਦੇ ਸਾਰੇ ਰੂਪਾਂ ਵਿੱਚ ਅਜੇ ਇੱਕ ਵੱਡਾ ਮੁਕਾਮ ਹਾਸਲ ਕਰਨਾ ਬਾਕੀ ਹੈ। ਸਿੱਖਿਆ ਦੇ ਖੇਤਰ ਵੱਲ ਦੇਖੀਏ ਤਾਂ ਮਾਪਿਆਂ ਵੱਲੋਂ ਬੱਚਿਆਂ ਦੀ ਵਿਦੇਸ਼ੀ ਪੜ੍ਹਾਈ ’ਤੇ ਮੋਟੀ ਰਕਮ ਖ਼ਰਚ ਕੀਤੀ ਜਾਂਦੀ ਹੈ, ਅਸੀਂ ਉਨ੍ਹਾਂ ਨੂੰ ਇੱਥੇ ਹੀ ਮਿਆਰੀ ਸਿੱਖਿਆ ਦੇ ਬਦਲ ਕਿਉਂ ਨਹੀਂ ਦੇ ਸਕਦੇ ? ਸਿਹਤ ਸੇਵਾਵਾਂ ਦਾ ਹਾਲ ਇਹ ਹੈ ਕਿ ਸਾਡੀ ਕਰੋੜਾਂ ਦੀ ਆਬਾਦੀ ਨੂੰ ਬਿਹਤਰ ਬੁਨਿਆਦੀ ਢਾਂਚੇ ਦੀ ਸਖ਼ਤ ਲੋੜ ਹੈ। ਮੈਂ ਸਿਰਫ਼ ਉਨ੍ਹਾਂ ਪ੍ਰਮੁੱਖ ਖੇਤਰਾਂ ਦੇ ਨਾਵਾਂ ਦਾ ਜ਼ਿਕਰ ਕੀਤਾ ਹੈ, ਜੋ ਮੇਰੇ ਜ਼ਿਹਨ ਵਿੱਚ ਆਏ। ਮੈਨੂੰ ਪੂਰਾ ਭਰੋਸਾ ਹੈ ਕਿ ਮਾਹਿਰ ਇਸ ਵਿੱਚ ਹੋਰ ਵੀ ਵੱਡਾ ਯੋਗਦਾਨ ਪਾ ਸਕਦੇ ਹਨ। ਜੇਕਰ ਸਹੀ ਮਾਹੌਲ ਮਿਲੇ ਤਾਂ ਸਾਡਾ ਨਿੱਜੀ ਖੇਤਰ ਵਿਸ਼ਵ ਪੱਧਰ ’ਤੇ ਮੁਕਾਬਲਾ ਅਤੇ ਦੁਨੀਆ ਦੀ ਅਗਵਾਈ ਕਰਨ ਦੇ ਪੂਰੀ ਤਰ੍ਹਾਂ ਸਮਰੱਥ ਹੈ। ਸਾਨੂੰ ਬੱਸ ਇਸ ਨੂੰ ਸਮਰਥ ਅਤੇ ਇਸ ਲਈ ਸਾਜ਼ਗਾਰ ਮਾਹੌਲ ਬਣਾਉਣ ਦੀ ਲੋੜ ਹੈ। ਭਾਰਤ ਨੂੰ ਅੱਜ ‘ਮੈਨਹੈਟਨ ਪ੍ਰੋਜੈਕਟ’ ਵਰਗੇ ਕਿਸੇ ਵੱਡੇ ਉਪਰਾਲੇ ਦੀ ਲੋੜ ਹੈ, ਜਿੱਥੇ ਅਸੀਂ ਵਿਗਿਆਨ, ਤਕਨਾਲੋਜੀ, ਖੋਜ, ਵਿੱਤ ਅਤੇ ਪ੍ਰਸ਼ਾਸਨ ਦੇ ਖੇਤਰਾਂ ਵਿੱਚੋਂ ਦੇਸ਼ ਦੇ ਸਰਵੋਤਮ ਦਿਮਾਗ਼ਾਂ ਨੂੰ ਇੱਕੋ ਛੱਤ ਹੇਠ ਇਕੱਠਾ ਕਰੀਏ। ਇਸ ਦੇ ਨਤੀਜੇ ਨਾ ਸਿਰਫ਼ ਬਹੁਤ ਤੇਜ਼ੀ ਨਾਲ ਸਾਹਮਣੇ ਆਉਣਗੇ ਸਗੋਂ ਇਹ ਦੇਸ਼ ਦੀ ਤਕਦੀਰ ਬਦਲਣ ਵਾਲੇ ਸਾਬਿਤ ਹੋਣਗੇ।

## ਤੇਜਿੰਦਰ ਮਹਿਤਾ ਨਾਲ ਨਵੇਂ ਚੇਅਰਮੈਨਾਂ ਨੇ ਲਿਆ ਮਾਤਾ ਦਾ ਆਸ਼ੀਰਵਾਦ

**ਪਟਿਆਲਾ, 18 ਜੁਲਾਈ**
**-ਜੀ. ਐਸ. ਤੁੰਗ-**

ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਵੈਲਫੇਅਰ ਬੋਰਡਾਂ ਦੇ ਹਲਕਾ ਚੇਅਰਮੈਨ ਨਿਯੁਕਤ ਕੀਤੇ ਜਾਣ ਉਪਰੰਤ ਅੱਜ ਸਮੂਹ ਚੇਅਰਮੈਨਾਂ ਨੇ ਆਮ ਆਦਮੀ ਪਾਰਟੀ ਪਟਿਆਲਾ ਦੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ ਨਾਲ ਸ੍ਰੀ ਕਾਲੀ ਦੇਵੀ ਮਾਤਾ ਮੰਦਰ, ਪਟਿਆਲਾ ਵਿਖੇ ਮੱਥਾ ਟੇਕ ਕੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।



ਇਸ ਮੌਕੇ ਬ੍ਰਾਹਮਣ ਸਮਾਜ ਵੈਲਫੇਅਰ ਬੋਰਡ ਦੇ ਹਲਕਾ ਚੇਅਰਮੈਨ ਵਿਕਰਮ ਸ਼ਰਮਾ, ਵਿਮੁਕਤ ਜਾਤੀ ਵੈਲਫੇਅਰ ਬੋਰਡ ਦੇ ਹਲਕਾ ਚੇਅਰਮੈਨ ਬਾਦਲ ਬੰਬੀ, ਕ੍ਰਿਸ਼ਚਨ ਵੈਲਫੇਅਰ ਬੋਰਡ ਦੇ ਹਲਕਾ ਚੇਅਰਮੈਨ ਜੌਹਨ ਮਸੀਹ, ਅਨੁਸੂਚਿਤ ਵੈਲਫੇਅਰ ਬੋਰਡ ਦੇ ਹਲਕਾ ਚੇਅਰਮੈਨ ਮਨਦੀਪ ਜੋਹਲਾਂ, ਸੈਣੀ ਵੈਲਫੇਅਰ ਬੋਰਡ ਦੇ ਹਲਕਾ ਚੇਅਰਮੈਨ ਬਬਲੂ ਸੈਣੀ, ਕੰਬੋਜ ਵੈਲਫੇਅਰ ਬੋਰਡ ਦੇ ਹਲਕਾ ਚੇਅਰਮੈਨ ਕਿਰਪਾਲ ਸਿੰਘ, ਖੱਤਰੀ ਵੈਲਫੇਅਰ ਬੋਰਡ ਦੇ ਹਲਕਾ ਚੇਅਰਮੈਨ ਰਮਨਪ੍ਰੀਤ ਸਿੰਘ ਸ਼ੈਂਪੀ, ਰਾਜਪੂਤ ਵੈਲਫੇਅਰ ਬੋਰਡ ਦੇ ਹਲਕਾ ਚੇਅਰਮੈਨ ਦਲਜੀਤ ਸਿੰਘ ਰਾਜਪੂਤ, ਬਾਜ਼ੀਗਰ ਵੈਲਫੇਅਰ ਬੋਰਡ ਦੇ ਹਲਕਾ ਚੇਅਰਮੈਨ ਕੁਲਦੀਪ ਸਿੰਘ ਅਬਲੋਵਾਲ ਅਤੇ ਐਸ.ਸੀ. ਵੈਲਫੇਅਰ ਬੋਰਡ ਦੇ ਹਲਕਾ ਚੇਅਰਮੈਨ ਦਵਿੰਦਰ ਸਿੰਘ ਮੱਟੂ ਹਾਜ਼ਰ ਸਨ।

ਇਸ ਮੌਕੇ ਤੇਜਿੰਦਰ ਮਹਿਤਾ ਨੇ ਸਮੂਹ ਨਵੇਂ ਨਿਯੁਕਤ ਹਲਕਾ ਚੇਅਰਮੈਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਸਮਾਜ ਦੇ ਵੱਖ-ਵੱਖ ਵਰਗਾਂ ਦੀ ਨੁਮਾਇੰਦਗੀ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕ ਭਲਾਈ ਦੀਆਂ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਸਾਰੇ ਚੇਅਰਮੈਨ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਨਿਸ਼ਠਾ ਅਤੇ ਲੋਕ ਸੇਵਾ ਦੀ ਭਾਵਨਾ ਨਾਲ ਨਿਭਾਉਂਦੇ ਹੋਏ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਕੰਮ ਕਰਨਗੇ।

ਇਸ ਮੌਕੇ ਸਮੂਹ ਚੇਅਰਮੈਨਾਂ ਨੇ ਮਾਤਾ ਰਾਣੀ ਦੇ ਚਰਨਾਂ ਵਿੱਚ ਪੰਜਾਬ ਦੀ ਖੁਸ਼ਹਾਲੀ, ਤਰੱਕੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਸਮੂਹ ਚੇਅਰਮੈਨਾਂ ਨੇ ਤੇਜਿੰਦਰ ਮਹਿਤਾ ਦੀ ਅਗਵਾਈ ਅਤੇ ਸੰਗਠਨਾਤਮਕ ਕਾਰਜਸ਼ੈਲੀ ’ਤੇ ਭਰੋਸਾ ਪ੍ਰਗਟ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਦੀ ਰਹਿਨੁਮਾਈ ਹੇਠ ਪੰਜਾਬ ਸਰਕਾਰ ਦੀਆਂ ਲੋਕ-ਭਲਾਈ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਹਲਕੇ ਦੇ ਹਰ ਵਰਗ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਤੇਜਿੰਦਰ ਮਹਿਤਾ ਨੇ ਸਮੂਹ ਚੇਅਰਮੈਨਾਂ ਦੇ ਸਫ਼ਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਭਲਾਈ ਸਕੀਮਾਂ ਨੂੰ ਸਮਾਜ ਦੇ ਹਰ ਵਰਗ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

## ‘ਮਾਵਾਂ-ਧੀਆਂ ਸਕੀਮ’ ਦੇ 62 ਲਾਭਪਾਤਰੀਆਂ ਦੇ ਫੰਡ ਆਪਣੇ ਖਾਤੇ ’ਚ ਪਾਉਣ ਦੀ ਸਾਜ਼ਿਸ਼, ਆਂਗਣਵਾੜੀ ਵਰਕਰ ਸਮੇਤ ਪੁੱਤਰ ’ਤੇ ਕੇਸ ਦਰਜ

**ਤਰਨ ਤਾਰਨ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਦੀ ‘ਮਾਵਾਂ-ਧੀਆਂ ਸਤਿਕਾਰ ਸਕੀਮ’ ਦੇ ਲਾਭਪਾਤਰੀਆਂ ਲਈ ਰਾਖਵੀਂ ਵਿੱਤੀ ਸਹਾਇਤਾ ਨੂੰ ਆਪਣੇ ਪੁੱਤਰ ਦੇ ਬੈਂਕ ਖਾਤੇ ਵਿੱਚ ਤਬਦੀਲ ਕਰਨ ਦੀ ਕੋਸ਼ਿਸ਼ ਕਰਨ ਦੇ ਦੋਸ਼ ਵਿੱਚ ਪੁਲੀਸ ਨੇ ਇੱਕ ਆਂਗਣਵਾੜੀ ਵਰਕਰ ਅਤੇ ਉਸਦੇ ਪੁੱਤਰ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।

ਪੁਲਿਸ ਅਨੁਸਾਰ, ਇਹ ਕਥਿਤ ਧੋਖਾਧੜੀ ਆਨਲਾਈਨ ਅਰਜ਼ੀਆਂ ਦੀ ਪੜਤਾਲ ਦੌਰਾਨ ਸਾਹਮਣੇ ਆਈ, ਜਿਸ ਤੋਂ ਪਹਿਲਾਂ ਕੋਈ ਵੀ ਰਾਸ਼ੀ ਜਾਰੀ ਨਹੀਂ ਹੋਈ ਸੀ। ਅਧਿਕਾਰੀਆਂ ਨੇ ਇਸ ਗੜਬੜੀ ਦਾ ਪਤਾ ਲਗਾ ਲਿਆ ਅਤੇ ਭੁਗਤਾਨ ਨੂੰ ਰੋਕ ਦਿੱਤਾ, ਜਿਸ ਨਾਲ ਫੰਡਾਂ ਦਾ ਤਬਾਦਲਾ ਹੋਣ ਤੋਂ ਬਚ ਗਿਆ।

ਚੋਹਲਾ ਸਾਹਿਬ ਦੀ ਚਾਈਲਡ ਡਿਵੈਲਪਮੈਂਟ ਪ੍ਰੋਜੈਕਟ ਅਫਸਰ (ਸੀ.ਡੀ.ਪੀ.ਓ.) ਨਵੇਕਤਾ ਕੁਵਰਾ ਨੇ ਗੋਇੰਦਵਾਲ ਸਾਹਿਬ ਪੁਲੀਸ ਕੋਲ ਸ਼ਿਕਾਇਤ ਦਰਜ ਕਰਵਾਈ ਹੈ। ਆਪਣੀ ਸ਼ਿਕਾਇਤ ਵਿੱਚ ਉਨ੍ਹਾਂ ਦੋਸ਼ ਲਾਇਆ ਹੈ ਕਿ ਭੈਲ ਢਾਏਵਾਲਾ ਪਿੰਡ ਦੀ ਅੰਗਣਵਾੜੀ ਵਰਕਰ ਜਤਿੰਦਰ ਕੌਰ ਨੇ ਆਨਲਾਈਨ ਡਾਟਾ-ਐਂਟਰੀ ਦਾ ਕੰਮ ਆਪਣੇ ਪੁੱਤਰ ਗੁਰਬਾਜ ਸਿੰਘ ਨੂੰ ਸੌਂਪਿਆ ਸੀ। ਇਸ ਪ੍ਰਕਿਰਿਆ ਦੌਰਾਨ ਗੁਰਬਾਜ ਨੇ ਕਥਿਤ ਤੌਰ ’ਤੇ ਸਕੀਮ ਦੀ ਰਾਸ਼ੀ ਪ੍ਰਾਪਤ ਕਰਨ ਦੇ ਇਰਾਦੇ ਨਾਲ 62 ਲਾਭਪਾਤਰੀਆਂ ਦੀਆਂ ਅਰਜ਼ੀਆਂ ਵਿੱਚ ਆਪਣਾ ਬੈਂਕ ਖਾਤਾ ਨੰਬਰ ਦਰਜ ਕਰ ਦਿੱਤਾ।

ਸੀ.ਡੀ.ਪੀ.ਓ. ਨੇ ਦੱਸਿਆ ਕਿ ਇਸ ਬੇਨਿਯਮੀ ਦਾ ਪਤਾ ਚੰਡੀਗੜ੍ਹ ਹੈੱਡਕੁਆਰਟਰ ਦੇ ਅਧਿਕਾਰੀਆਂ ਵੱਲੋਂ ਤਸਦੀਕ ਦੌਰਾਨ ਲੱਗਿਆ। ਨਤੀਜੇ ਵਜੋਂ, ਸਾਰੇ 62 ਲਾਭਪਾਤਰੀਆਂ ਦੇ ਭੁਗਤਾਨ ਰੋਕ ਦਿੱਤੇ ਗਏ। ਉਨ੍ਹਾਂ ਕਿਹਾ ਕਿ ਰਿਕਾਰਡ ਨੂੰ ਦਰੁਸਤ ਅਤੇ ਤਸਦੀਕ ਕਰਨ ਤੋਂ ਬਾਅਦ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਆਪਣੇ ਬੈਂਕ ਖਾਤਿਆਂ ਵਿੱਚ ਵਿੱਤੀ ਸਹਾਇਤਾ ਮਿਲ ਜਾਵੇਗੀ।

ਸ਼ਿਕਾਇਤ ਦੇ ਆਧਾਰ ’ਤੇ, ਗੋਇੰਦਵਾਲ ਸਾਹਿਬ ਪੁਲੀਸ ਨੇ ਜਤਿੰਦਰ ਕੌਰ ਅਤੇ ਗੁਰਬਾਜ ਸਿੰਘ ਖ਼ਿਲਾਫ਼ ਭਾਰਤੀ ਨਿਆ ਸੰਹਿਤਾ ਦੀਆਂ ਧਾਰਾਵਾਂ 318(4), 336(3), 370(2), 344, 61(2), 316(5) ਅਤੇ 3(5) ਤਹਿਤ ਮਾਮਲਾ ਦਰਜ ਕਰ ਲਿਆ ਹੈ। ਮਹਿਲਾ ਲਾਭਪਾਤਰੀਆਂ ਲਈ ਰਾਖਵੇਂ ਭਲਾਈ ਫੰਡਾਂ ਨੂੰ ਹੜੱਪਣ ਦੀ ਕੋਸ਼ਿਸ਼ ਦੇ ਦੋਸ਼ ਕਾਰਨ ਇਹ ਮਾਮਲਾ ਇਲਾਕੇ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।

## ਭਾਰਤ ਵਿਕਾਸ ਪਰਿਸ਼ਦ ਸ਼ਿਵਾਜੀ ਸ਼ਾਖਾ ਵੱਲੋਂ ਹੋਣਹਾਰ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਸਨਮਾਨ



**ਪਟਿਆਲਾ, 18 ਜੁਲਾਈ**
**-ਬਲਜੀਤ ਸਰਨਾ-**

ਭਾਰਤ ਵਿਕਾਸ ਪਰਿਸ਼ਦ ਪਿਛਲੇ 64 ਸਾਲਾਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਵੱਧ-ਚੜ੍ਹ ਕੇ ਆਪਣਾ ਯੋਗਦਾਨ ਪਾ ਰਹੀ ਹੈ। ਪਰਿਸ਼ਦ ਵੱਲੋਂ ਸਮੇਂ-ਸਮੇਂ ’ਤੇ ਸਮਾਜ ਦੇ ਵੱਖ-ਵੱਖ ਵਰਗਾਂ ਲਈ ਸੇਵਾ ਅਤੇ ਸਨਮਾਨ ਸਮਾਰੋਹ ਕਰਵਾਏ ਜਾਂਦੇ ਹਨ। ਇਸੇ ਲੜੀ ਤਹਿਤ ਪਰਿਸ਼ਦ ਦੇ ਪ੍ਰਮੁੱਖ ਪ੍ਰੋਗਰਾਮ ‘ਗੁਰੂ ਵੰਦਨ ਵਿਦਿਆਰਥੀ ਅਭਿਨੰਦਨ’ ਤਹਿਤ ਭਾਰਤ ਵਿਕਾਸ ਪਰਿਸ਼ਦ ਪਟਿਆਲਾ ਸ਼ਿਵਾਜੀ ਸ਼ਾਖਾ ਵੱਲੋਂ ਸ਼੍ਰੀ ਅਰਵਿੰਦੋ ਇੰਟਰਨੈਸ਼ਨਲ ਸਕੂਲ ਵਿਖੇ ਵਿਸ਼ੇਸ਼ ਸਮਾਰੋਹ ਕਰਵਾਇਆ ਗਿਆ।

ਇਸ ਸਮਾਰੋਹ ਵਿੱਚ ਸ਼ਾਖਾ ਦੇ ਅਧੀਨ ਆਉਂਦੇ 8 ਸਕੂਲਾਂ—ਸ਼੍ਰੀ ਰਾਮ ਆਰੀਆ ਬੋਇਜ਼ ਸੀਨੀਅਰ ਸੈਕੰਡਰੀ ਸਕੂਲ, ਆਰੀਆ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਫੀਲਖਾਨਾ ਸਕੂਲ ਆਫ਼ ਐਮੀਨੈਂਸ, ਸ਼੍ਰੀ ਅਰਵਿੰਦੋ ਇੰਟਰਨੈਸ਼ਨਲ ਸਕੂਲ, ਓਲਡ ਪੁਲਿਸ ਲਾਈਨ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਐਸ.ਡੀ. ਮਾਡਲ ਸਕੂਲ, ਐਸ.ਡੀ.ਐਸ.ਸੀ.ਐਸ. ਸਕੂਲ ਅਤੇ ਐਸ.ਡੀ.ਐਸ. ਸਕੂਲ ਲਾਤੂਰਪੁਰਾ—ਦੇ 8 ਅਧਿਆਪਕਾਂ ਅਤੇ 10ਵੀਂ ਅਤੇ 12ਵੀਂ ਜਮਾਤ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੇ 28 ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।

ਸਮਾਰੋਹ ਦਾ ਮੰਚ ਸੰਚਾਲਨ ਸ਼ਾਖਾ ਦੀ ਸਕੱਤਰ ਸ੍ਰੀਮਤੀ ਮੰਜੂਸ਼ਾ ਬਾਂਸਲ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ। ਸ਼੍ਰੀ ਅਰਵਿੰਦੋ ਇੰਟਰਨੈਸ਼ਨਲ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਨੀਰਜਾ ਸੇਠੀ ਨੇ ਭਾਰਤ ਵਿਕਾਸ ਪਰਿਸ਼ਦ ਸ਼ਿਵਾਜੀ ਸ਼ਾਖਾ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਅਤੇ ਜੀਵਨ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਦੇ ਹਨ।

ਸ਼ਾਖਾ ਦੇ ਪ੍ਰਧਾਨ ਸ੍ਰੀ ਆਦੇਸ਼ ਗੁਪਤਾ ਨੇ ਸਮਾਰੋਹ ਵਿੱਚ ਪਹੁੰਚੇ ਸਾਰੇ ਅਧਿਆਪਕਾਂ, ਵਿਦਿਆਰਥੀਆਂ ਅਤੇ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।

ਇਸ ਮੌਕੇ ’ਤੇ ਆਰ.ਐਮ. ਬਾਂਸਲ, ਕਰਮਵੀਰ ਪੁਰੀ, ਬਲਰਾਮ ਧੀਮਾਨ, ਰਾਕੇਸ਼ ਠਾਕੁਰ, ਰਾਕੇਸ਼ ਪਾਲ ਸ਼ਰਮਾ, ਰਾਜਕੁਮਾਰ ਬਾਂਸਲ, ਚੰਦਰਮੋਹਨ ਸਿੰਗਲਾ, ਸ੍ਰੀਮਤੀ ਸੁਮਨ ਗੁਪਤਾ ਅਤੇ ਜੋਤੀ ਜੱਗਾ ਸਮੇਤ ਸ਼ਾਖਾ ਦੇ ਹੋਰ ਮੈਂਬਰ ਵੀ ਹਾਜ਼ਰ ਸਨ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ 7 ਅਗਸਤ ਨੂੰ ਸਰਕਾਰ ਖਿਲਾਫ ਆਰ ਪਾਰ ਦੀ ਲੜਾਈ ਵਿੱਢਣ ਦਾ ਐਲਾਨ



**ਪਟਿਆਲਾ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਮੁਲਾਜ਼ਮ ਤੇ ਪੈਨਸ਼ਨ ਸਾਂਝਾ ਫਰੰਟ ਅਤੇ ਪੰਜਾਬ ਮੁਲਾਜਮ ਮੰਚ ਵੱਲੋਂ ਬਣਾਈ ਗਈ ਸਾਂਝੀ ਕੁਆਡੀਨੇਸ਼ਨ ਕਮੇਟੀ ਦੇ ਸੱਦੇ ਤੇ ਅੱਜ ਜ਼ਿਲ੍ਹਾ ਪਟਿਆਲਾ ਨਾਲ ਸਬੰਧਤ ਮੁਲਾਜਮਾਂ ਤੇ ਪੈਨਸ਼ਨਰਾਂ ਵੱਲੋਂ ਡਿਪਟੀ ਕਮਿਸ਼ਨਰ ਦਫਤਰ ਪਟਿਆਲਾ ਵਿਖੇ ਇਕੱਠੇ ਹੋ ਕੇ ਪੰਜਾਬ ਸਰਕਾਰ ਖਿਲਾਫ ਰੈਲੀ ਕਰਨ ਉਪਰੰਤ ਪੰਜਾਬ ਸਰਕਾਰ ਦੇ ਮਾਰੂ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ ਅਤੇ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਰੇਬਾਜੀ ਕੀਤੀ ਗਈ ਇਸ ਤੋਂ ਬਾਅਦ ਇਕੱਠੇ ਹੋਏ ਮੁਲਾਜ਼ਮਾ ਤੇ ਪੈਨਸ਼ਨਾਂ ਰੋਸ ਪ੍ਰਦਰਸ਼ਨ ਵੀ ਕੀਤਾ ਅੱਜ ਦੀ ਰੈਲੀ ਨੂੰ ਸੰਬੋਧਨ ਕਰਦਿਆਂ ਸਾਂਝੀ ਕੁਆਰਡੀਨੇਸ਼ਨ ਕਮੇਟੀ ਜਿਲਾ ਪਟਿਆਲਾ ਦੇ ਆਗੂ ਦਰਸ਼ਨ ਬੇਲੂ ਮਾਜਰਾ, ਬਚਿੱਤਰ ਸਿੰਘ, ਗੁਰਦੀਪ ਵਾਲੀਆ, ਸੁਖਵਿੰਦਰ ਸਿੰਘ ਸੈਣੀ, ਗੁਰਮੇਲ ਸਿੰਘ ਵਿਰਕ, ਕਰਿਸਨ ਦੇਵ, ਗਗਨਦੀਪ ਸਿੰਘ, ਨਿਰਮਲ ਕੁਮਾਰ ਨਾਭਾ, ਸੁਖਜਿੰਦਰ ਸਿੰਘ ਪਟਵਾਰੀ, ਜਗਤਾਰ ਸਿੰਘ ਢੀਡਸਾ, ਜਸਵੀਰ ਖੋਖਰ ਨਾਹਰ ਸਿੰਘ ਡੀ.ਐਸ.ਪੀ, ਸੰਤ ਰਾਮ ਚੀਮਾ, ਗੁਰਮੀਤ ਸਿੰਘ ਵਾਲੀਆਂ ਆਦਿ ਨੇ ਸੰਬੋਧਨ ਕੀਤਾ ਅਤੇ ਸਰਕਾਰ ਤੋਂ ਮੰਗ ਕੀਤੀ ਕਿ 17-7-20 ਦਾ ਮੁਲਾਜ਼ਮ ਮਾਰੂ ਪੱਤਰ ਰੱਦ ਕੀਤਾ ਜਾਵੇ ਸਾਰੇ ਮੁਲਾਜ਼ਮਾਂ ਨੂੰ ਡੀ.ਏ.ਆਈ. ਏ.ਐਸ. ਅਤੇ ਆਈ.ਪੀ.ਐਸ. ਅਫਸਰਾਂ ਦੀ ਤਰ੍ਹਾਂ60% ਦਿੱਤਾ ਜਾਵੇ, 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ।

ਸਮੁੱਚੇ ਵਿਭਾਗਾਂ ਦੇ ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, ਸਕੀਮ ਵਰਕਰਾਂ ਦੇ ਉਜਰਤਾ ਵਿੱਚ ਵਾਧਾ ਕੀਤਾ ਜਾਵੇ, ਵੱਖ-ਵੱਖ ਵਿਭਾਗਾਂ ਦਾ ਨਿਜੀਕਰਨ ਅਤੇ ਪੰਚਾਇਤੀਕਰਨ ਕਰਨ ਨੂੰ ਠੱਲ ਪਾਈ ਜਾਵੇ ਇੱਕਤਰਤਾਂ ਨੂੰ ਸੰਬੋਧਨ ਕਰਦਿਆਂ ਪਰੇਮ ਪੰਜੋਲਾ, ਲਖਵਿੰਦਰ ਖਾਨਪੁਰ, ਰਾਜਪਾਲ ਲਸੋਈ, ਜਸਵਿੰਦਰ ਸੋਜਾ ਨੇ ਕਿਹਾ ਕਿ ਨਰੇਗਾ ਮੁਲਾਜ਼ਮਾਂ ਤੇ ਲਾਠੀ ਚਾਰਜ ਕਰਕੇ ਸਰਕਾਰ ਨੇ ਮੁਗਲਾਂ ਤੇ ਅੰਗਰੇਜ਼ਾਂ ਦੀ ਯਾਦ ਤਾਜ਼ਾ ਕਰਾ ਦਿੱਤੀ ਹੈ ਆਗੂਆਂ ਨੇ ਮੰਗ ਕੀਤੀ ਕਿ ਇਹਨਾਂ ਮੁਲਾਜ਼ਮਾਂ ਦੀਆਂ ਰਹਿੰਦੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ ਅੰਤ ਵਿੱਚ ਸਮੁੱਚੇ ਮੁਲਾਜ਼ਮਾਂ ਤੇ ਪੈਨਸਨਰਾਂ ਨੇ ਕਿਹਾ ਕਿ 7 ਅਗਸਤ ਨੂੰ ਜਿਲੇ ਪਟਿਆਲੇ ਵਿੱਚੋਂ ਹਜ਼ਾਰਾਂ ਮੁਲਾਜ਼ਮ ਬੱਸਾਂ ਟਰੱਕਾਂ ਤੇ ਸਵਾਰ ਹੋ ਕੇ ਵੱਡੀ ਗਿਣਤੀ ਵਿੱਚ ਚੰਡੀਗੜ੍ਹ ਵੱਲ ਵਹੀਰਾ ਘੱਤਣਗੇ ਅਤੇ ਉਸ ਦਿਨ ਸਰਕਾਰ ਦੇ ਖਿਲਾਫ ਆਰ ਪਾਰ ਦੀ ਲੜਾਈ ਦਾ ਐਲਾਨ ਕਰਨਗੇ।

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, publíshed and owned by Harjinder Chaudhary printed at Raftaar Printing Press, Factory Area, Patiaĺa and publíshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354
ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।
Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

## ਸਿਹਤ ਮੰਤਰੀ ਤੇ ਡੀਸੀ ਨੇ ਸੁਰਖਿਆ ਬਲਾਂ ਦੀ ਜਾਣਕਾਰੀ ਵਾਲੀਆਂ ਫਲੈਕਸਾਂ ਰਾਹੀਂ ਬੱਚਿਆਂ ਨੂੰ ਕੀਤਾ ਜਾਗਰੂਕ

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨੌਜਵਾਨਾਂ ਨੂੰ ਸੁਰੱਖਿਆ ਬਲਾਂ ਵਿੱਚ ਭਰਤੀ ਲਈ ਕੀਤਾ ਜਾ ਰਿਹਾ ਸਿੱਖਿਅਤ : ਡਾ. ਬਲਬੀਰ ਸਿੰਘ



**ਪਟਿਆਲਾ, 18 ਜੁਲਾਈ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਨੌਜਵਾਨਾਂ ਨੂੰ ਨਸ਼ਿਆ ਤੋ ਦੂਰ ਰੱਖ ਕੇ ਖੇਡਾਂ ਦੇ ਨਾਲ ਨਾਲ ਰੱਖਿਆ ਸੇਵਾਵਾਂ 'ਚ ਭਰਤੀ ਕਰਵਾ ਕੇ ਰੁਜ਼ਗਾਰ ਮੁੱਹਈਆ ਕਰਵਾਉਣ ਲਈ ਪੰਜਾਬ ਸਰਕਾਰ ਵਚਨਬੱਧ ਹੈ। ਇਹ ਪ੍ਰਗਟਾਵਾ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅਤੇ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਥਾਨਕ ਪੋਲੋ ਗਰਾਊਂਡ ਵਿਖੇ ਨੌਜਵਾਨਾਂ ਨੂੰ ਰੱਖਿਆ ਸੇਵਾਵਾਂ ਵਾਲੀਆਂ ਫੋਰਸਾਂ ਵਿਚ ਭਰਤੀ ਹੋਣ ਲਈ ਜਾਣਕਾਰੀ ਦੇਣ ਸਬੰਧੀ ਲਗਾਏ ਗਏ ਵਿਸ਼ੇਸ਼ ਫਲੈਕਸਾਂ ਤੋਂ ਨੌਜਵਾਨਾਂ ਨੂੰ ਜਾਣੂ ਕਰਵਾਉਣ ਮੌਕੇ ਕੀਤਾ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਨ੍ਹਾਂ ਫਲੈਕਸ ਬੋਰਡਾਂ ਵਿੱਚ ਭਰਤੀ ਲਈ ਲੋੜੀਂਦੇ ਸਰੀਰਕ ਮਾਪਦੰਡ, ਵਿੱਦਿਅਕ ਯੋਗਤਾ, ਚੋਣ ਪ੍ਰਕਿਰਿਆ ਅਤੇ ਤਿਆਰੀ ਨਾਲ ਸੰਬੰਧਿਤ ਮਹੱਤਵਪੂਰਨ ਜਾਣਕਾਰੀ ਸੌਖੀ ਅਤੇ ਸਰਲ ਭਾਸ਼ਾ ਵਿੱਚ ਦਰਸਾਈ ਗਈ ਹੈ। ਇਸ ਦਾ ਉਦੇਸ਼ ਨੌਜਵਾਨਾਂ ਨੂੰ ਸਮੇਂ ਸਿਰ ਸਹੀ ਅਤੇ ਭਰੋਸੇਯੋਗ ਜਾਣਕਾਰੀ ਮੁਹੱਈਆ ਕਰਵਾਉਣਾ ਹੈ ਤਾਂ ਜੋ ਉਹ ਆਪਣੀ ਤਿਆਰੀ ਸਹੀ ਦਿਸ਼ਾ ਵਿੱਚ ਕਰ ਸਕਣ ਅਤੇ ਦੇਸ਼ ਸੇਵਾ ਦੇ ਆਪਣੇ ਸੁਪਨਿਆਂ ਨੂੰ ਸਾਕਾਰ ਕਰ ਸਕਣ।

ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾ ਕੇ ਉਨ੍ਹਾਂ ਨੂੰ ਰੋਜ਼ਗਾਰ, ਖੇਡਾਂ ਅਤੇ ਦੇਸ਼ ਸੇਵਾ ਵਰਗੇ ਉਸਾਰੂ ਖੇਤਰਾਂ ਨਾਲ ਜੋੜਨਾ ਹੈ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਇਹ ਵਿਲੱਖਣ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਜਾਣਕਾਰੀ ਭਰਪੂਰ ਫਲੈਕਸ ਬੋਰਡ ਮੁੱਖ ਮੰਤਰੀ ਵੱਲੋਂ ਜਾਰੀ ਕੀਤੇ ਗਏ ਹਨ, ਜਿਨ੍ਹਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਅਤੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਨੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਯੋਗ ਅਗਵਾਈ ਹੇਠ ਤਿਆਰ ਕੀਤਾ ਹੈ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਦੇ ਲਗਭਗ 400 ਖੇਡ ਮੈਦਾਨਾਂ ਵਿੱਚ ਇਹ ਫਲੈਕਸ ਬੋਰਡ ਲਗਾਏ ਜਾਣਗੇ, ਤਾਂ ਜੋ ਵੱਧ ਤੋਂ ਵੱਧ ਨੌਜਵਾਨ ਅਤੇ ਵਿਦਿਆਰਥੀ ਇਸ ਜਾਣਕਾਰੀ ਦਾ ਲਾਭ ਲੈ ਸਕਣ। ਉਨ੍ਹਾਂ ਕਿਹਾ ਕਿ ਖੇਡ ਮੈਦਾਨਾਂ ਵਿੱਚ ਆਉਣ ਵਾਲੇ ਬੱਚੇ ਅਤੇ ਨੌਜਵਾਨ ਨਾ ਸਿਰਫ਼ ਸੁਰੱਖਿਆ ਬਲਾਂ ਵਿੱਚ ਭਰਤੀ ਲਈ ਪ੍ਰੇਰਿਤ ਹੋਣਗੇ, ਸਗੋਂ ਨਸ਼ਿਆਂ ਤੋਂ ਦੂਰ ਰਹਿ ਕੇ ਆਪਣਾ ਧਿਆਨ ਖੇਡਾਂ, ਸਿਹਤ ਅਤੇ ਆਪਣੇ ਭਵਿੱਖ ਨੂੰ ਸੰਵਾਰਨ ਵੱਲ ਕੇਂਦਰਿਤ ਕਰਨਗੇ।

ਡੀ ਸੀ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਿੰਨ ਮੁੱਖ ਪੱਖਾਂ 'ਤੇ ਕੇਂਦਰਿਤ ਹੈ—ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ, ਨਸ਼ਿਆਂ ਦੀ ਲਪੇਟ ਵਿੱਚ ਆਏ ਨੌਜਵਾਨਾਂ ਦਾ ਮੁੜ ਵਸੇਬਾ ਅਤੇ ਬਚਪਨ ਤੋਂ ਹੀ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾ ਕੇ ਉਨ੍ਹਾਂ ਨੂੰ ਇਸ ਸਮਾਜਿਕ ਬੁਰਾਈ ਤੋਂ ਦੂਰ ਰੱਖਣਾ। ਇਸੇ ਸੋਚ ਅਧੀਨ ਬੱਚਿਆਂ ਅਤੇ ਨੌਜਵਾਨਾਂ ਨੂੰ ਖੇਡਾਂ, ਅਨੁਸ਼ਾਸਨ ਅਤੇ ਦੇਸ਼ ਸੇਵਾ ਨਾਲ ਜੋੜਨ ਲਈ ਇਹ ਉਪਰਾਲਾ ਸ਼ੁਰੂ ਕੀਤਾ ਗਿਆ ਹੈ।

ਜ਼ਿਲ੍ਹਾ ਪ੍ਰਸ਼ਾਸਨ ਨੇ ਵਿਸ਼ਵਾਸ ਪ੍ਰਗਟਾਇਆ ਕਿ ਇਹ ਪਹਿਲ ਨੌਜਵਾਨਾਂ ਨੂੰ ਸਹੀ ਦਿਸ਼ਾ ਵਿੱਚ ਪ੍ਰੇਰਿਤ ਕਰਨ, ਉਨ੍ਹਾਂ ਵਿੱਚ ਦੇਸ਼ ਸੇਵਾ ਦੀ ਭਾਵਨਾ ਮਜ਼ਬੂਤ ਕਰਨ ਅਤੇ ਨਸ਼ਾ-ਮੁਕਤ, ਤੰਦਰੁਸਤ ਅਤੇ ਰੰਗਲੇ ਪੰਜਾਬ ਦੀ ਸਿਰਜਣਾ ਵਿੱਚ ਅਹਿਮ ਭੂਮਿਕਾ ਨਿਭਾਏਗੀ। ਇਹ ਉਪਰਾਲਾ ਨੌਜਵਾਨਾਂ ਨੂੰ ਆਪਣੀ ਕਾਬਲੀਅਤ ਅਨੁਸਾਰ ਭਵਿੱਖ ਦੀ ਯੋਜਨਾ ਬਣਾਉਣ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸੁਰੱਖਿਅਤ, ਸਿਹਤਮੰਦ ਅਤੇ ਉਜਵਲ ਭਵਿੱਖ ਵੱਲ ਅੱਗੇ ਵਧਣ ਲਈ ਵੀ ਉਤਸ਼ਾਹਿਤ ਕਰੇਗਾ।

# ਨਗਰ ਨਿਗਮ ਪਟਿਆਲਾ ਨੇ ਪਸ਼ੂ ਜਨਮ ਨਿਯੰਤਰਣ ਪ੍ਰੋਗਰਾਮ ਨੂੰ ਮਜ਼ਬੂਤ ਕੀਤਾ; ਵਧੀਕ ਕਮਿਸ਼ਨਰ ਵੱਲੋਂ ਏਬੀਸੀ ਸੈਂਟਰ ਦੀ ਸਮੀਖਿਆ

## ਐਮਸੀ ਪਟਿਆਲਾ ਵੱਲੋਂ ਕੁੱਤਿਆਂ ਦੇ ਕੱਟਣ ਦੀ ਸ਼ਿਕਾਇਤ ਲਈ ਐਮਰਜੈਂਸੀ ਹੈਲਪਲਾਈਨ ਸ਼ੁਰੂ

**ਪਟਿਆਲਾ, 18 ਜੁਲਾਈ**
**-ਛਤਰਪਾਲ ਸਿੰਘ-**

ਸ਼ਹਿਰ ਵਿੱਚ ਪਸ਼ੂ ਜਨਮ ਨਿਯੰਤਰਣ (ਏਬੀਸੀ) ਪ੍ਰੋਗਰਾਮ ਨੂੰ ਹੋਰ ਮਜ਼ਬੂਤ ਕਰਨ ਲਈ, ਨਗਰ ਨਿਗਮ ਪਟਿਆਲਾ ਦੇ ਵਧੀਕ ਕਮਿਸ਼ਨਰ ਸਿਮਰਪ੍ਰੀਤ ਕੌਰ ਨੇ ਸਿਹਤ ਸ਼ਾਖਾ, ਏਬੀਸੀ ਸੈਂਟਰ ਅਤੇ ਇਸਦੇ ਸਟਾਫ ਦੇ ਅਧਿਕਾਰੀਆਂ ਨਾਲ ਇੱਥੇ ਮੋਦੀ ਕਾਲਜ ਨੇੜੇ ਸਰਕਾਰੀ ਪੋਲੀ ਕਲੀਨਿਕ ਵਿਖੇ ਸਥਿਤ ਪਸ਼ੂ ਜਨਮ ਨਿਯੰਤਰਣ ਕੇਂਦਰ ਦਾ ਵਿਆਪਕ ਨਿਰੀਖਣ ਕੀਤਾ।

ਇਸ ਮੌਕੇ ਵਧੀਕ ਕਮਿਸ਼ਨਰ ਨੇ ਏਬੀਸੀ ਸੈਂਟਰ ਦੇ ਕੰਮ ਕਾਜ ਸਮੇਤ ਕੁੱਤਿਆਂ ਦੇ ਕੇਨਲ ਵਿੱਚ ਰੱਖ-ਰਖਾਅ, ਸਫਾਈ, ਬੁਨਿਆਦੀ ਢਾਂਚਾ ਤੇ ਸਮੁੱਚੇ ਪ੍ਰਬੰਧ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਏਬੀਸੀ ਪ੍ਰੋਗਰਾਮ ਨੂੰ ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਉਣ ਲਈ ਸੰਬੰਧਿਤ ਰਿਕਾਰਡ, ਰਜਿਸਟਰ ਅਤੇ ਦਸਤਾਵੇਜ਼ਾਂ ਦੀ ਵੀ ਜਾਂਚ ਕੀਤੀ।

ਸਿਮਰਪ੍ਰੀਤ ਕੌਰ ਨੇ ਦੱਸਿਆ ਕਿ ਨਗਰ ਨਿਗਮ ਨੇ ਪਹਿਲਾਂ ਹੀ ਕੁੱਤਿਆਂ ਦੇ ਕੱਟਣ ਦੀ ਸ਼ਿਕਾਇਤ ਲਈ ਐਮਰਜੈਂਸੀ ਹੈਲਪਲਾਈਨ (+91 62846 68219) ਸ਼ੁਰੂ ਕੀਤੀ ਹੈ, ਜਿਸ ਰਾਹੀਂ ਲੋਕ ਕੁੱਤਿਆਂ ਦੇ ਕੱਟਣ ਦੀਆਂ ਘਟਨਾਵਾਂ ਅਤੇ ਹੋਰ ਸਬੰਧਤ ਸ਼ਿਕਾਇਤਾਂ ਦੀ ਨਗਰ ਨਿਗਮ ਨੂੰ ਰਿਪੋਰਟ ਕਰ ਸਕਦੇ ਹਨ।



ਸਿਮਰਪ੍ਰੀਤ ਕੌਰ ਨੇ ਕਿਹਾ ਕਿ, ਮੇਅਰ ਕੁੰਦਨ ਗੋਗੀਆ ਅਤੇ ਕਮਿਸ਼ਨਰ ਪੂਜਾ ਸਿਆਲ ਗਰੇਵਾਲ ਦੇ ਨਿਰਦੇਸ਼ਾਂ ਹੇਠ, ਨਗਰ ਨਿਗਮ ਵਾਰਡ-ਵਾਰ ਅਤੇ ਹੌਟਸਪੌਟ-ਅਧਾਰਤ ਰਣਨੀਤੀ ਤਹਿਤ ਅਵਾਰਾ ਕੁੱਤਿਆਂ ਦੀ 100 ਫੀਸਦੀ ਨਸਬੰਦੀ ਪ੍ਰਾਪਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਸਿਹਤ ਅਧਿਕਾਰੀ ਡਾ. ਨਵਿੰਦਰ ਸਿੰਘ, ਸਹਾਇਕ ਸਰਜਨ ਡਾ. ਅੰਕਿਤ ਨਾਰੰਗ, ਅਤੇ ਸਿਹਤ ਸ਼ਾਖਾ ਅਤੇ ਏਬੀਸੀ ਸੈਂਟਰ ਦੇ ਅਧਿਕਾਰੀਆਂ ਨੂੰ ਨਿਰਧਾਰਤ ਟੀਚਿਆਂ ਅਨੁਸਾਰ ਸਾਰੇ ਪਛਾਣੇ ਗਏ ਹੌਟਸਪੌਟ ਖੇਤਰਾਂ ਦੀ ਪੂਰੀ ਕਵਰੇਜ ਨੂੰ ਯਕੀਨੀ ਬਣਾਉਣ ਲਈ ਇੱਕ ਕੇਂਦ੍ਰਿਤ ਕਾਰਜ ਯੋਜਨਾ ਤਿਆਰ ਕਰਨ ਅਤੇ ਲਾਗੂ ਕਰਨ ਦੇ ਨਿਰਦੇਸ਼ ਦਿੱਤੇ।

ਵਧੀਕ ਕਮਿਸ਼ਨਰ ਨੇ ਕਿਹਾ ਕਿ ਮੌਜੂਦਾ ਏਬੀਸੀ ਸੈਂਟਰ ਵਿੱਚ 15 ਕੇਨਲ ਹਨ ਅਤੇ ਇਸ ਵੇਲੇ ਇੱਕ ਏਬੀਸੀ ਪ੍ਰੋਜੈਕਟ ਹੈੱਡ, ਇੱਕ ਸਹਾਇਕ ਸਰਜਨ, ਇੱਕ ਪੈਰਾ-ਵੈਟਰਨਰੀ ਸਟਾਫ ਮੈਂਬਰ, ਇੱਕ ਸਮਰਪਿਤ ਕੁੱਤੇ ਫੜਨ ਵਾਲੀ ਟੀਮ ਅਤੇ ਇੱਕ ਸੈਨੀਟੇਸ਼ਨ ਵਰਕਰ ਸ਼ਾਮਲ ਹਨ।

ਸਿਮਰਪ੍ਰੀਤ ਕੌਰ ਨੇ ਅੱਗੇ ਦੱਸਿਆ ਕਿ 25 ਕੇਨਲ ਦੀ ਸਮਰੱਥਾ ਵਾਲਾ ਨਵਾਂ ਪਸ਼ੂ ਜਨਮ ਨਿਯੰਤਰਣ ਕੇਂਦਰ ਮੁਕੰਮਲ ਹੋਣ ਦੇ ਨੇੜੇ ਹੈ ਅਤੇ ਜਲਦੀ ਹੀ ਕਾਰਜਸ਼ੀਲ ਹੋ ਜਾਵੇਗਾ। ਨਵੀਂ ਸਹੂਲਤ ਅਵਾਰਾ ਕੁੱਤਿਆਂ ਦੀ ਨਸਬੰਦੀ ਅਤੇ ਪੋਸਟ-ਆਪਰੇਟਿਵ ਦੇਖਭਾਲ ਲਈ ਨਗਰ ਨਿਗਮ ਦੀ ਸਮਰੱਥਾ ਵਿੱਚ ਕਾਫ਼ੀ ਵਾਧਾ ਕਰੇਗੀ।

ਵਧੀਕ ਕਮਿਸ਼ਨਰ ਨੇ ਦੱਸਿਆ ਕਿ ਫੀਲਡ ਆਪਰੇਸ਼ਨਾਂ ਨੂੰ ਮਜ਼ਬੂਤ ਕਰਨ ਲਈ, ਕੱਲ੍ਹ ਤੋਂ ਇੱਕ ਸਮਰਪਿਤ ਟੀਮ ਦੇ ਨਾਲ ਇੱਕ ਵਾਧੂ ਕੁੱਤੇ ਫੜਨ ਵਾਲਾ ਵਾਹਨ ਤਾਇਨਾਤ ਕੀਤਾ ਜਾਵੇਗਾ, ਜਦੋਂ ਕਿ ਸ਼ਹਿਰ ਭਰ ਵਿੱਚ ਪਸ਼ੂ ਜਨਮ ਨਿਯੰਤਰਣ ਪ੍ਰੋਗਰਾਮ ਦੀ ਕੁਸ਼ਲਤਾ ਅਤੇ ਕਵਰੇਜ ਨੂੰ ਬਿਹਤਰ ਬਣਾਉਣ ਲਈ ਜਲਦੀ ਹੀ ਵਾਧੂ ਮਨੁੱਖੀ ਸ਼ਕਤੀ ਵੀ ਲਗਾਈ ਜਾਵੇਗੀ।

ਉਨ੍ਹਾਂ ਅੱਗੇ ਕਿਹਾ ਕਿ, ਮਾਨਯੋਗ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਅਤੇ ਹਰੇਕ ਜ਼ਿਲ੍ਹੇ ਵਿੱਚ ਕੁੱਤਿਆਂ ਦੇ ਆਸਰਾ ਸਥਾਪਤ ਕਰਨ ਲਈ ਨਿਰਧਾਰਤ ਪਸ਼ੂ ਜਨਮ ਨਿਯੰਤਰਣ ਨਿਯਮਾਂ ਅਤੇ ਮਿਆਰੀ ਸੰਚਾਲਨ ਪ੍ਰਕਿਰਿਆਵਾਂ ਦੀ ਪਾਲਣਾ ਵਿੱਚ, ਘਲੋੜੀ ਨੇੜੇ 1.61 ਏਕੜ ਦੀ ਜਗ੍ਹਾ 'ਤੇ ਪ੍ਰਸਤਾਵਿਤ ਕੁੱਤਿਆਂ ਦੇ ਸ਼ੈਲਟਰ ਲਈ ਟੈਂਡਰ ਖੋਲ੍ਹ ਦਿੱਤਾ ਗਿਆ ਹੈ। ਉਸਾਰੀ ਦਾ ਕੰਮ ਜਲਦੀ ਹੀ ਸ਼ੁਰੂ ਹੋਣ ਦੀ ਉਮੀਦ ਹੈ ਅਤੇ ਅਕਤੂਬਰ ਤੱਕ ਪੂਰਾ ਕਰਨ ਦਾ ਟੀਚਾ ਹੈ। ਇਹ ਸ਼ੈਲਟਰ ਅਵਾਰਾ ਕੁੱਤਿਆਂ ਦੇ ਮਨੁੱਖੀ ਪ੍ਰਬੰਧਨ, ਦੇਖਭਾਲ ਅਤੇ ਪੁਨਰਵਾਸ ਲਈ ਇੱਕ ਆਧੁਨਿਕ ਸਹੂਲਤ ਪ੍ਰਦਾਨ ਕਰੇਗਾ।

ਵਧੀਕ ਕਮਿਸ਼ਨਰ ਨੇ ਦੁਹਰਾਇਆ ਕਿ ਨਗਰ ਨਿਗਮ ਪਟਿਆਲਾ ਮਾਨਯੋਗ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਅਤੇ ਪਸ਼ੂ ਜਨਮ ਨਿਯੰਤਰਣ ਨਿਯਮਾਂ ਦੇ ਅਨੁਸਾਰ, ਜਨਤਕ ਸੁਰੱਖਿਆ ਅਤੇ ਜਾਨਵਰਾਂ ਦੀ ਭਲਾਈ ਦੋਵਾਂ ਨੂੰ ਯਕੀਨੀ ਬਣਾਉਂਦੇ ਹੋਏ,,ਮਨੁੱਖੀ ਅਤੇ ਵਿਗਿਆਨਕ ਅਵਾਰਾ ਪਸ਼ੂ ਪ੍ਰਬੰਧਨ ਉਪਾਵਾਂ ਨੂੰ ਲਾਗੂ ਕਰਨ ਲਈ ਵਚਨਬੱਧ ਹੈ।

# ਜੋਨ ਘਨੌਰ ਦੀਆਂ ਖੇਡਾਂ ਦਾ ਸ਼ਾਨਦਾਰ ਆਗਾਜ਼ ਖਿਡਾਰੀਆਂ 'ਚ ਖੇਡਾਂ ਪ੍ਰਤੀ ਵਧ ਰਿਹਾ ਰੁਝਾਨ : ਜਸਵਿੰਦਰ ਚਪੜ



**ਘਨੌਰ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ - ਸਿੱਖਿਆ ਵਿਭਾਗ - ਸਪੋਰਟਸ ਪਾਲਿਸੀ 2023 ਦੇ ਅਨੁਸਾਰ ਸੈਸ਼ਨ - 2026- 27 ਦੀਆਂ ਗਰਮ ਰੁੱਤ ਖੇਡਾਂ- ਜ਼ੋਨ ਘਨੌਰ ਦਾ ਪ੍ਰਿੰ. ਰਾਜ ਕੁਮਾਰ ਪ੍ਰਧਾਨ, ਜਸਵਿੰਦਰ ਸਿੰਘ ਚਪੜ੍ਹ ਸਟੇਟ ਅਵਾਰਡੀ ਜ਼ੋਨਲ ਸਕੱਤਰ ਘਨੌਰ ਦੀ ਯੋਗ ਅਗਵਾਈ ਵਿੱਚ ਸ਼ਾਨਦਾਰ ਆਗਾਜ ਵੱਖ-ਵੱਖ ਸਕੂਲਾਂ ਦੇ ਖੇਡ ਮੈਦਾਨਾਂ ਵਿਚ ਕੀਤਾ ਗਿਆ। ਮਾਈਲਸਟੋਨ ਸਮਾਰਟ ਸਕੂਲ ਘਨੌਰ- ਖੇਡ ਫੁੱਟਬਾਲ ਪ੍ਰਿੰ. ਆਰੁਸ਼ੀ ਭੰਡਾਰੀ ਅਤੇ ਅਬਰਜਵਰ ਮੈਡਮ ਹਰਪ੍ਰੀਤ ਕੌਰ ਨੇ ਅਤੇ ਸੇਂਟ ਜੋਸਫ ਕਾਨਵੈਂਟ ਸਕੂਲ ਕੋਲੀ ਵਿਖੇ- ਖੇਡ ਬੈਡਮਿੰਟਨ- ਪ੍ਰਿੰ. ਸਿਸਟਰ ਹੇਲੈਨਾ, ਫਾਦਰ ਮੈਥਿਊ ਪੀ.ਜੇ., ਅਬਜਰਵਰ ਲੈਕਚਰਾਰ ਅਮਨਦੀਪ ਕੌਰ ਨੇ ਅਤੇ ਖੇਡ ਸਟੇਡੀਅਮ ਥੇੜੀ ਵਿਖੇ ਅਬਜਰਵਰ ਵਿਕਾਸ ਜਿੰਦਲ ਨੇ ਕ੍ਰਿਕਟ ਖੇਡ ਦਾ ਉਦਘਾਟਨ ਆਪਣੇ ਕਰ ਕਮਲਾਂ ਨਾਲ ਕੀਤਾ।

ਜਸਵਿੰਦਰ ਚਪੜ੍ਹ ਸਟੇਟ ਅਵਾਰਡੀ ਨੇ ਕਿਹਾ ਕਿ ਜ਼ੋਨ ਘਨੌਰ ਦੀਆਂ ਲਗਭਗ 30 ਖੇਡਾਂ ਵਿਚ 55 ਸਕੂਲ ਅਤੇ ਲਗਭਗ 4000 ਖਿਡਾਰੀ ਭਾਗ ਲੈਣਗੇ। ਖਿਡਾਰੀ ਸਾਡਾ ਮਾਣ ਹਨ ਅਸੀ ਆਪਣੇ ਬੱਚਿਆਂ ਨੂੰ ਖੇਡਾਂ ਨਾਲ ਜੋੜੀਏ ਤਾਂ ਜੋ ਬੱਚੇ ਤੰਦਰੁਸਤ ਰਹਿ ਕੇ ਨਸ਼ਿਆਂ ਤੋਂ ਦੂਰ ਹੋ ਕੇ ਚੰਗਾ ਸਮਾਜ ਸਿਰਜ ਸਕਣ। ਇਸ ਮੌਕੇ ਮੈਡਮ ਕਵਲਪ੍ਰੀਤ ਕੌਰ, ਪਰਮਜੀਤ ਕੌਰ, ਰੁਪਿੰਦਰ ਕੌਰ, ਨਵਦੀਪ ਕੌਰ, ਨਵਜੋਤ ਕੌਰ, ਜਸਪਾਲ ਕੌਰ, ਪਰਮਿੰਦਰ ਕੌਰ, ਮਨਪ੍ਰੀਤ ਕੌਰ, ਗਗਨਪ੍ਰੀਤ ਕੌਰ, ਹਰਮਹਿੰਦਰ ਸਿੰਘ BSO, ਪ੍ਰਦੀਪ ਕੁਮਾਰ, ਤਨਵੀਰ ਸਿੰਘ, ਦੀਪਇੰਦਰ ਸਿੰਘ, ਸੰਦੀਪ ਸਿੰਘ , ਗੁਰਪ੍ਰੀਤ ਸਿੰਘ, ਗੌਰਵ ਵਿਰਦੀ, ਸੁਨੀਲ ਕੁਮਾਰ, ਯੋਗੇਸ਼ ਕੁਮਾਰ, ਜਗਦੀਪ ਸਿੰਘ, ਮਨਪ੍ਰੀਤ ਸਿੰਘ, ਬਲਵਿੰਦਰ ਪਾਲ, ਪੁਨੀਤ ਕੁਮਾਰ, ਸਾਗਰਦੀਪ ਸਿੰਘ, ਸੁਖਜੀਤ ਸਿੰਘ ਤੋਂ ਇਲਾਵਾ ਸਕੂਲਾਂ ਤੋਂ ਸਰੀਰਕ ਸਿੱਖਿਆ ਅਧਿਆਪਕ ਅਤੇ ਖਿਡਾਰੀ ਹਾਜ਼ਰ ਰਹੇ ।

# ਪਿੰਡ ਕੁਠਾਲਾ ਵਿਖੇ ਸ਼ਹੀਦਾਂ ਦੀ ਯਾਦ ਵਿਚ ਸਾਲਾਨਾ ਸਮਾਗਮ ਕਰਵਾਇਆ



**ਸੰਦੌੜ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਿੰਡ ਕੁਠਾਲਾ ਵਿਖੇ ਸ਼ਹੀਦ ਹੋਏ ਸ਼ਹੀਦਾਂ ਦੀ ਯਾਦ ਵਿਚ ਗੁਰਦੁਆਰਾ ਸਾਹਿਬ ਸ਼ਹੀਦੀ ਕੁਠਾਲਾ ਵਿਖੇ ਗ੍ਰਾਮ ਪੰਚਾਇਤ ਤੇ ਨਗਰ ਨਿਵਾਸੀਆਂ ਵਲੋਂ ਸ਼ਹੀਦੀ ਸਮਾਗਮ ਕਰਵਾਇਆ ਗਿਆ।ਸਮਾਗਮ ਦੌਰਾਨ ਹਲਕਾ ਮਾਲੇਰਕੋਟਲਾ ਦੇ ਵਿਧਾਇਕ ਡਾ. ਜਮੀਲ ਉਰ ਰਹਿਮਾਨ, ਮਾਰਕੀਟ ਕਮੇਟੀ ਸੰਦੌੜ ਦੇ ਚੇਅਰਮੈਨ ਕਰਮਜੀਤ ਸਿੰਘ ਕੁਠਾਲਾ, ਸਰਪੰਚ ਮਨਜਿੰਦਰ ਕੌਰ ਸਮੇਤ ਵੱਡੀ ਗਿਣਤੀ ਦੇ ਵਿੱਚ ਪਤਵੰਤਿਆਂ ਤੇ ਸੰਗਤਾਂ ਨੇ ਹਾਜ਼ਰੀ ਭਰੀ।ਸਮਾਗਮ ਦੌਰਾਨ ਸ੍ਰੀ ਅਖੰਠ ਪਾਠ ਸਾਹਿਬ ਦੇ ਭੋਗ ਪਾਏ ਗਏ।

ਭੋਗ ਉਪਰੰਤ ਹਾਜ਼ਰ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ ਅਤੇ ਸ਼ਹੀਦਾਂ ਨੂੰ ਯਾਦ ਰੱਖਣ ਵਾਲੀਆਂ ਕੌਮਾਂ ਹੀ ਜਿਉਂਦੀਆਂ ਰਹਿੰਦੀਆਂ ਹਨ।ਮਾਰਕੀਟ ਕਮੇਟੀ ਸੰਦੌੜ ਦੇ ਚੇਅਰਮੈਨ ਕਰਮਜੀਤ ਸਿੰਘ ਮਾਨ ਕੁਠਾਲਾ ਨੇ ਸਮਾਗਮ ਵਿਚ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ।ਸਮਾਗਮ ਦੌਰਾਨ ਗੁਰੂ ਘਰ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਭਾਈ ਗੁਰਦੀਪ ਸਿੰਘ ਅਤੇ ਕਮੇਟੀ ਮੈਂਬਰਾਨ ਵੱਲੋਂ ਪਾਠਾਂ ਦੀ ਸੇਵਾ ਕਰਨ ਵਾਲੀਆਂ ਸੰਗਤਾਂ ਦਾ ਸਨਮਾਨ ਕੀਤਾ ਗਿਆ ਅਤੇ ਚੇਅਰਮੈਨ ਕਰਮਜੀਤ ਸਿੰਘ ਕੁਠਾਲਾ ਅਤੇ ਸਰਪੰਚ ਮਨਜਿੰਦਰ ਕੌਰ ਰਾਏ ਤੇ ਗ੍ਰਾਮ ਪੰਚਾਇਤ ਵੱਲੋਂ ਹੋਏ ਵਿਧਾਇਕ ਡਾ. ਜਮੀਲ ਸਮੇਤ ਆਏ ਪਤਵੰਤਿਆਂ ਦਾ ਸਨਮਾਨ ਕੀਤਾ।ਇਸ ਮੌਕੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਕੇਵਲ ਸਿੰਘ ਜਾਗੋਵਾਲ, ਟਰੱਕ ਯੂਨੀਅਨ ਸੰਦੌੜ ਦੇ ਪ੍ਰਧਾਨ ਚਰਨਜੀਤ ਸਿੰਘ ਚੀਮਾ,ਜੇ. ਈ ਮਨਪ੍ਰੀਤ ਸਿੰਘ ਕੁਠਾਲਾ,ਆੜਤੀਆ ਰਾਮਿੰਦਰ ਸਿੰਘ ਮਾਨ, ਕਾਮਰੇਡ ਤੇਜਾ ਸਿੰਘ, ਰਾਜੂ ਕੁਠਾਲਾ, ਸਰਪੰਚ ਬਾਰਾ ਸਿੰਘ ਕਲਿਆਣ,ਬਹਾਦਰ ਸਿੰਘ ਚਹਿਲ, ਤਲਵੀਰ ਸਿੰਘ ਕਾਲਾ,ਪੰਚ ਪਰਮਜੀਤ ਕੌਰ, ਜਰਨੈਲ ਸਿੰਘ ਹੈਪੀ, ਪੰਚ ਗਗਨਦੀਪ ਸਿੰਘ, ਪੰਚ ਗੁਰਮੀਤ ਸਿੰਘ, ਗੁਰਮੀਤ ਸਿੰਘ ਚਹਿਲ, ਬਲਬੀਰ ਸਿੰਘ ਸੰਧੂ, ਕੁਲਦੀਪ ਸਿੰਘ ਨੰਬਰਦਾਰ ਸਮੇਤ ਗੁਰਦੁਆਰਾ ਸਾਹਿਬ ਸ਼ਹੀਦੀ ਅਤੇ ਗੁਰਦੁਆਰਾ ਬਾਬਾ ਤਾਰਾ ਸਿੰਘ ਦੀ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰ ਵੀ ਹਾਜ਼ਰ ਸਨ।

# 10,500 ਰੁਪਏ ਰਿਸ਼ਵਤ ਲੈਂਦਾ ਜਲ ਸਰੋਤ ਵਿਭਾਗ ਦਾ ਅਸਿਸਟੈਂਟ ਰੈਵਨਿਊ ਕਲਰਕ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ



**ਪਟਿਆਲਾ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਆਪਣੀ ਮੁਹਿੰਮ ਤਹਿਤ ਇੱਕ ਹੋਰ ਵੱਡੀ ਕਾਰਵਾਈ ਕਰਦਿਆਂ ਜਲ ਸਰੋਤ ਵਿਭਾਗ ਦੇਵੀਗੜ੍ਹ ਮੰਡਲ, ਪਟਿਆਲਾ ਵਿੱਚ ਤਾਇਨਾਤ ਸੁਖਪਾਲ ਸਿੰਘ, ਅਸਿਸਟੈਂਟ ਰੈਵਨਿਊ ਕਲਰਕ (ਵਾਧੂ ਚਾਰਜ ਐਚ.ਆਰ.ਸੀ.) ਨੂੰ 10,500 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਥਾਣਾ ਵਿਜੀਲੈਂਸ ਬਿਊਰੋ, ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਸੰਬੰਧਿਤ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਕਾਰਵਾਈ ਸ੍ਰੀ ਹਰਜਿੰਦਰ ਸਿੰਘ, ਵਾਸੀ ਪਿੰਡ ਗੱਜੂਮਾਜਰਾ, ਤਹਿਸੀਲ ਅਤੇ ਜ਼ਿਲ੍ਹਾ ਪਟਿਆਲਾ ਦੀ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਉਸ ਅਤੇ ਉਸ ਦੇ ਭਰਾ ਦੇ ਖੇਤਾਂ ਵਿੱਚ ਨਹਿਰੀ ਪਾਣੀ ਲਈ ਮੋਗਾ ਲਗਾਉਣ ਦੇ ਬਦਲੇ ਮੁਲਜ਼ਮ ਨੇ ਪਹਿਲਾਂ 20,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ। ਬਾਅਦ ਵਿੱਚ ਸੌਦਾ 14,000 ਰੁਪਏ 'ਤੇ ਤੈਅ ਹੋਇਆ, ਜਿਸ ਵਿੱਚੋਂ 3,500 ਰੁਪਏ ਪਹਿਲਾਂ ਲੈ ਲਏ ਗਏ ਸਨ ਅਤੇ ਬਾਕੀ 10,500 ਰੁਪਏ ਦੀ ਮੰਗ ਕੀਤੀ ਜਾ ਰਹੀ ਸੀ।

ਸ਼ਿਕਾਇਤ ਦੀ ਪੁਸ਼ਟੀ ਹੋਣ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਮੁਲਜ਼ਮ ਨੂੰ 10,500 ਰੁਪਏ ਰਿਸ਼ਵਤ ਪ੍ਰਾਪਤ ਕਰਦੇ ਸਮੇਂ ਰੰਗੇ ਹੱਥੀਂ ਕਾਬੂ ਕਰ ਲਿਆ। ਮੌਕੇ ਤੋਂ ਰਿਸ਼ਵਤ ਦੀ ਰਕਮ ਵੀ ਬਰਾਮਦ ਕਰ ਲਈ ਗਈ।

ਵਿਜੀਲੈਂਸ ਬਿਊਰੋ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਜਾਰੀ ਹੈ ਅਤੇ ਭ੍ਰਿਸ਼ਟਾਚਾਰ ਨਾਲ ਸਬੰਧਤ ਕਿਸੇ ਵੀ ਹੋਰ ਪੱਖ ਦੀ ਸ਼ਮੂਲੀਅਤ ਸਾਹਮਣੇ ਆਉਣ 'ਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਅੰਤ ਵਿੱਚ ਵਿਜੀਲੈਂਸ ਬਿਊਰੋ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਸਰਕਾਰੀ ਕਰਮਚਾਰੀ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਉਸ ਦੀ ਸੂਚਨਾ ਤੁਰੰਤ ਵਿਜੀਲੈਂਸ ਬਿਊਰੋ ਨੂੰ ਦਿੱਤੀ ਜਾਵੇ, ਤਾਂ ਜੋ ਭ੍ਰਿਸ਼ਟਾਚਾਰ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾ ਸਕੇ।

# ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ



**ਸਨੌਰ,18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ ਜਿਸ ਦੇ ਵਿੱਚ ਸਫਾਈ ਸੇਵਕ ਯੂਨੀਅਨ ਨਗਰ ਕੌਂਸਲ ਸਨੋਰ ਪ੍ਰਧਾਨ ਨੰਦ ਲਾਲ ਦੀ ਅਗਵਾਈ ਵਿੱਚ ਸਨੋਰ ਦੇ ਮੇਨ ਬਾਜ਼ਾਰ ਦੇ ਵਿੱਚ ਰੋਸ ਮਾਰਚ ਕੱਢਿਆ ਗਿਆ ਅਤੇ ਬੱਸ ਅੱਡਾ ਸਨੋਰ ਵਿਖੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਅਤੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ ਅਤੇ ਜੋ ਸੰਗਰੂਰ ਵਿਖੇ ਐਮਐਲਏ ਦੀ ਸ਼ਹਿ ਤੇ ਸਫਾਈ ਸੇਵਕਾਂ ਉੱਤੇ ਜੋ ਲਾਠੀ ਚਾਰਜ ਕੀਤਾ ਗਿਆ ਉਸ ਦੀ ਸਖਤ ਸ਼ਬਦਾਂ ਵਿੱਚ ਨਿੰਦਿਆ ਕਰਦੇ ਹਾਂ ਅਤੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਜੇਕਰ ਸਰਕਾਰ ਸਫਾਈ ਸੇਵਕਾਂ ਦੀਆਂ ਮੰਗਾਂ ਵੱਲ ਜਲਦ ਧਿਆਨ ਨਹੀਂ ਦਿੰਦੀ ਤਾਂ ਇਸ ਦਾ ਨਤੀਜਾ ਸਰਕਾਰ ਨੂੰ ਭੁਗਤਣਾ ਪਵੇਗਾ ਅਤੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਤੇ ਮੀਤ ਪ੍ਰਧਾਨ ਵਰਨ ਕੁਮਾਰ ਕੈਸ਼ੀਅਰ ਦੀਪਕ ਕੁਮਾਰ ਸੈਕਟਰੀ ਰੋਕੀ ਅਟਵਾਲ ਵੀਰਪਾਲ ਪੰਜੋਲਾ ਸੁੰਦਰ ਸੋਨੀ ਵਿੱਕੀ ਵਿਸ਼ਾਲ ਕੁਮਾਰ ਨਰਿੰਦਰ ਸਿੰਘ ਹਸਨਪੁਰ ਜਗਜੀਤ ਸਿੰਘ ਰਾਏਪੁਰ ਗੁਰਜੀਤ ਸਿੰਘ ਸੰਕਰ ਪੂਰ ਅਮੀਰ ਚੰਦ ਕਾਡਗੜ੍ਹ ਗੋਲਡੀ ਮਸਿੰਘਣ ਗੁਰਪ੍ਰੀਤ ਸਿੰਘ ਨੈਨ ਕਲਾਂ ਸਵਰਨ ਸਿੰਘ ਬੌਂਸਰ ਕਲਾਂ ਸ਼ਮਸ਼ਾਦ ਖਾਨ ਚੋਰਾ ਅਤੇ ਸਾਰੇ ਹੀ ਸਫਾਈ ਸੇਵਕ ਯੂਨੀਅਨ ਨਗਰ ਕੌਂਸਲ ਦੇ ਮੈਂਬਰ ਹਾਜ਼ਰ ਸਨ

# ਝਾੜ ਸਾਹਿਬ ਕਾਲਜ ਵਿਖੇ ਕ੍ਰਿਸ਼ੀ ਵਿਗਿਆਨ ਕੇਂਦਰ ਸਮਰਾਲਾ ਦੇ ਸਿਖਿਆਰਥੀਆਂ ਲਈ ਬੇਕਰੀ ਦੀ ਵਰਕਸ਼ਾਪ

**ਮਾਛੀਵਾੜਾ ਸਾਹਿਬ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਾਰ ਸੰਸਥਾ ਗੁਰੂ ਗੋਬਿੰਦ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਦੇ ਹੋਮ ਸਾਇੰਸ ਵਿਭਾਗ ਦੀ ਬੇਕਰੀ ਲੈਬ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ, ਸਮਰਾਲਾ, ਪੀਏਯੂ ਲੁਧਿਆਣਾ ਦੀ ਅਸਿਸਟੈਂਟ ਡਾ. ਸੁਖਦੀਪ ਕੌਰ ਆਪਣੇ ਸਿਖਿਆਰਥੀਆਂ ਸਮੇਤ ਵਿਦਿਅਕ ਦੌਰੇ 'ਤੇ ਪਹੁੰਚੇ। ਇਸ ਮੌਕੇ ਸਿਖਿਆਰਥੀਆਂ ਨੂੰ ਬੇਕਰੀ ਉਤਪਾਦਾਂ ਦੀ ਪ੍ਰੈਕਟੀਕਲ ਸਿਖਲਾਈ ਦਿੱਤੀ ਗਈ। ਟ੍ਰੇਨਿੰਗ ਦੌਰਾਨ ਸਿਖਿਆਰਥੀਆਂ ਨੇ ਆਟੇ ਦੇ ਬਿਸਕੁਟ, ਨਾਰੀਅਲ ਦੀਆਂ ਕੁਕੀਜ਼ ਅਤੇ ਰਾਗੀ ਦੀਆਂ ਕੁਕੀਜ਼ ਤਿਆਰ ਕਰਨ ਦੀ ਵਿਧੀ ਸਿੱਖੀ।

ਇਸ ਤੋਂ ਇਲਾਵਾ ਉਨ੍ਹਾਂ ਨੂੰ ਬੇਕਰੀ ਉਤਪਾਦਾਂ ਦੀ ਗੁਣਵੱਤਾ, ਸਫ਼ਾਈ, ਪੈਕਿੰਗ, ਗੁਣਵੱਤਾ ਨਿਯੰਤਰਣ ਅਤੇ ਆਧੁਨਿਕ ਬੇਕਿੰਗ ਤਕਨੀਕਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਕਾਲਜ ਦੀ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਅਜਿਹੇ ਸਿਖਲਾਈ ਪ੍ਰੋਗਰਾਮ ਵਿਦਿਆਰਥੀਆਂ ਅਤੇ ਸਿਖਿਆਰਥੀਆਂ ਦੇ ਹੁਨਰ ਵਿਕਾਸ ਅਤੇ ਸਵੈ-ਰੁਜ਼ਗਾਰ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# ਸਾਫ਼-ਸੁਥਰਾ ਪਟਿਆਲਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ : ਐਡਵੋਕੇਟ ਹਰਪਾਲ ਜੁਨੇਜਾ



**ਪਟਿਆਲਾ, 18 ਜੁਲਾਈ**
**-ਛਤਰਪਾਲ ਸਿੰਘ-**

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਅਤੇ ਨਗਰ ਨਿਗਮ ਪਟਿਆਲਾ ਦੇ ਸਹਿਯੋਗ ਨਾਲ 'ਮਿਸ਼ਨ ਕਲੀਨ ਪਟਿਆਲਾ' ਤਹਿਤ ਨਾਭਾ ਰੋਡ ਵਿਖੇ ਕੀਤੀ ਸਫ਼ਾਈ ਮੁਹਿੰਮ ਵਿੱਚ ਪੀਆਰਟੀਸੀ ਪਰਿਵਾਰ ਨੇ ਉਤਸ਼ਾਹਪੂਰਵਕ ਭਾਗ ਲੈਂਦਿਆਂ ਇਸ ਲੋਕ-ਹਿੱਤਕਾਰੀ ਅਭਿਆਨ ਨੂੰ ਭਰਪੂਰ ਸਹਿਯੋਗ ਦਿੱਤਾ।

ਇਸ ਸਫ਼ਾਈ ਮੁਹਿੰਮ ਵਿੱਚ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਚੇਅਰਪਰਸਨ ਸ੍ਰੀਮਤੀ ਰੀਨਾ ਗੁਪਤਾ, ਨਗਰ ਨਿਗਮ ਪਟਿਆਲਾ ਦੀ ਕਮਿਸ਼ਨਰ ਸ੍ਰੀਮਤੀ ਪੂਜਾ ਸਿਆਲ ਗਰੇਵਾਲ, ਮੈਂਬਰ ਸਕੱਤਰ ਡਾ. ਲਵਨੀਤ ਦੂਬੇ, ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਦੇ ਨਾਲ-ਨਾਲ ਸਮਾਜ ਸੇਵੀ ਸੰਸਥਾ ਮੇਰਾ ਪਟਿਆਲਾ ਮੈਂ ਹੀ ਸਵਾਰਾਂ ਦੇ ਮੈਂਬਰਾਂ ਨੇ ਵੀ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਮੌਕੇ ਬੱਚਿਆਂ, ਨੌਜਵਾਨਾਂ, ਬਜ਼ੁਰਗਾਂ ਅਤੇ ਮਹਿਲਾਵਾਂ ਸਮੇਤ ਸਮਾਜ ਦੇ ਹਰ ਵਰਗ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲੈ ਕੇ ਸਫ਼ਾਈ ਪ੍ਰਤੀ ਆਪਣੀ ਜਾਗਰੂਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਦਾ ਪ੍ਰਗਟਾਵਾ ਕੀਤਾ।

ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਅਤਿ ਜ਼ਰੂਰੀ ਕਾਰਨਾਂ ਕਰਕੇ ਇਸ ਮੁਹਿੰਮ ਵਿੱਚ ਨਿੱਜੀ ਤੌਰ 'ਤੇ ਸ਼ਾਮਲ ਨਹੀਂ ਹੋ ਸਕੇ। ਉਨ੍ਹਾਂ ਵੱਲੋਂ ਆਪਣੇ ਪੁੱਤਰ ਯੁਵਰਾਜ ਜੁਨੇਜਾ ਨੂੰ ਵਿਸ਼ੇਸ਼ ਤੌਰ 'ਤੇ ਇਸ ਮੁਹਿੰਮ ਵਿੱਚ ਸ਼ਮੂਲੀਅਤ ਕਰਨ ਲਈ ਭੇਜਿਆ ਗਿਆ। ਯੁਵਰਾਜ ਜੁਨੇਜਾ ਨੇ ਪੀਆਰਟੀਸੀ ਦੇ ਸਮੂਹ ਅਧਿਕਾਰੀਆਂ, ਕਰਮਚਾਰੀਆਂ ਅਤੇ ਵਰਕਸ਼ਾਪ ਸਟਾਫ਼ ਨਾਲ ਮਿਲ ਕੇ ਇਸ ਲੋਕ-ਭਲਾਈ ਦੇ ਅਭਿਆਨ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਆਲੇ-ਦੁਆਲੇ ਦੇ ਖੇਤਰ ਦੀ ਸਫ਼ਾਈ ਕਰਕੇ ਵਾਤਾਵਰਣ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ।

ਸਵੇਰੇ 8:00 ਵਜੇ ਤੋਂ 10:00 ਵਜੇ ਤੱਕ ਪੀਆਰਟੀਸੀ ਦੇ ਮੁੱਖ ਦਫ਼ਤਰ (ਵਰਕਸ਼ਾਪ), ਨਾਭਾ ਰੋਡ ਦੇ ਬਾਹਰ ਪੀਆਰਟੀਸੀ ਦੀ ਸਮੁੱਚੀ ਟੀਮ ਨੇ ਸਫ਼ਾਈ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਂਦਿਆਂ ਸਾਫ਼-ਸੁਥਰੇ, ਸੁੰਦਰ ਅਤੇ ਵਾਤਾਵਰਣ-ਅਨੁਕੂਲ ਪਟਿਆਲਾ ਬਣਾਉਣ ਲਈ ਆਪਣਾ ਯੋਗਦਾਨ ਪਾਇਆ। ਇਸ ਮੌਕੇ ਐਡਵੋਕੇਟ ਹਰਪਾਲ ਜੁਨੇਜਾ ਨੇ ਆਪਣੇ ਸੰਦੇਸ਼ ਵਿੱਚ ਕਿਹਾ, ਸਾਫ਼-ਸੁਥਰਾ ਸ਼ਹਿਰ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਜਦੋਂ ਸਰਕਾਰੀ ਸੰਸਥਾਵਾਂ, ਸਮਾਜਿਕ ਸੰਗਠਨ, ਵਿਦਿਆਰਥੀ ਅਤੇ ਆਮ ਲੋਕ ਇਕਜੁੱਟ ਹੋ ਕੇ ਅਜਿਹੀਆਂ ਮੁਹਿੰਮਾਂ ਨਾਲ ਜੁੜਦੇ ਹਨ ਤਾਂ ਸਮਾਜ ਵਿੱਚ ਸਕਾਰਾਤਮਕ ਬਦਲਾਅ ਦੀ ਮਜ਼ਬੂਤ ਨੀਂਹ ਪੈਂਦੀ ਹੈ। ਸਾਨੂੰ ਆਪਣੇ ਆਲੇ-ਦੁਆਲੇ ਦੀ ਸਫ਼ਾਈ ਨੂੰ ਰੋਜ਼ਾਨਾ ਦੀ ਆਦਤ ਬਣਾਉਣਾ ਚਾਹੀਦਾ ਹੈ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਇੱਕ ਸਾਫ਼, ਸਿਹਤਮੰਦ ਅਤੇ ਹਰਿਆ-ਭਰਿਆ ਵਾਤਾਵਰਣ ਮਿਲ ਸਕੇ।

ਉਨ੍ਹਾਂ ਨੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਜ਼ਿਲ੍ਹਾ ਪ੍ਰਸ਼ਾਸਨ, ਨਗਰ ਨਿਗਮ ਪਟਿਆਲਾ ਅਤੇ ਇਸ ਮੁਹਿੰਮ ਵਿੱਚ ਭਾਗ ਲੈਣ ਵਾਲੀਆਂ ਸਾਰੀਆਂ ਸੰਸਥਾਵਾਂ ਅਤੇ ਨਾਗਰਿਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੀਆਰਟੀਸੀ ਪਰਿਵਾਰ ਭਵਿੱਖ ਵਿੱਚ ਵੀ ਲੋਕ-ਹਿੱਤ, ਸਫ਼ਾਈ ਅਤੇ ਵਾਤਾਵਰਣ ਸੁਰੱਖਿਆ ਨਾਲ ਸਬੰਧਤ ਹਰ ਮੁਹਿੰਮ ਵਿੱਚ ਪੂਰੇ ਸਮਰਪਣ ਅਤੇ ਜ਼ਿੰਮੇਵਾਰੀ ਨਾਲ ਆਪਣਾ ਯੋਗਦਾਨ ਦਿੰਦਾ ਰਹੇਗਾ।

# ਆਪ ਵਰਕਰ ਨੇ ਹੀ ਨਾਇਬ ਤਹਿਸੀਲਦਾਰ ਤੇ ਹੋਰ ਕਰਮਚਾਰੀਆਂ 'ਤੇ ਲਗਾਏ ਭ੍ਰਿਸ਼ਟਾਚਾਰ ਕਰਨ ਦੇ ਦੋਸ਼; ਰਜਿਸਟਰੀ ਮੌਕੇ ਮੰਗੀ ਜਾਂਦੀ ਹੈ ਰਿਸ਼ਵਤ

**ਮਾਛੀਵਾੜਾ ਸਾਹਿਬ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਸਰਕਾਰ ਵਲੋਂ ਤਹਿਸੀਲਾਂ ਵਿਚ ਭ੍ਰਿਸ਼ਟਾਚਾਰ ਨੂੰ ਮੁਕਤ ਕਰਨ ਦੇ ਦਾਅਵੇ ਕੀਤੇ ਜਾ ਰਹੇ ਹਨ ਪਰ ਮਾਛੀਵਾੜਾ ਸਬ-ਤਹਿਸੀਲ ਵਿਚ ਆਮ ਆਦਮੀ ਪਾਰਟੀ ਦੇ ਵਰਕਰ ਨੇ ਹੀ ਇੱਥੇ ਤਾਇਨਾਤ ਨਾਇਬ ਤਹਿਸੀਲਦਾਰ ਅਤੇ ਹੋਰ ਕਰਮਚਾਰੀਆਂ 'ਤੇ ਭ੍ਰਿਸ਼ਟਾਚਾਰ ਕਰਨ ਦੇ ਦੋਸ਼ ਲਗਾਏ ਹਨ। ਅੱਜ ਮਾਛੀਵਾੜਾ ਸਬ-ਤਹਿਸੀਲ ਵਿਚ ਉਸ ਸਮੇਂ ਹੰਗਾਮਾ ਹੋ ਗਿਆ ਜਦੋਂ ਪ੍ਰਾਪਰਟੀ ਦਾ ਕਾਰੋਬਾਰ ਕਰਦੇ ਅਤੇ ਆਮ ਆਦਮੀ ਪਾਰਟੀ ਦੇ ਵਰਕਰ ਅਜਮੇਰ ਸਿੰਘ ਮੁਬਾਰਕਪੁਰ ਨੇ ਪੱਤਰਕਾਰਾਂ ਦੀ ਮੌਜੂਦਗੀ ਵਿਚ ਨਾਇਬ ਤਹਿਸੀਲਦਾਰ ਹਰਕੀਰਤ ਸਿੰਘ 'ਤੇ ਭ੍ਰਿਸ਼ਟਾਚਾਰ ਕਰ 20 ਹਜ਼ਾਰ ਰੁਪਏ ਰਿਸ਼ਵਤ ਲੈਣ ਦੇ ਸਿੱਧੇ ਦੋਸ਼ ਲਗਾਏ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਜਮੇਰ ਸਿੰਘ ਮੁਬਾਰਕਪੁਰ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਉਸਨੇ ਰਜਿਸਟਰੀ ਕਰਵਾਈ ਸੀ ਜਿਸ ਵਿਚ ਉਸਨੇ ਨਾਇਬ ਤਹਿਸੀਲਦਾਰ ਨੂੰ 20 ਹਜ਼ਾਰ ਰੁਪਏ ਰਿਸ਼ਵਤ ਦੇਣ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ ਕਿ ਅੱਜ ਜਦੋਂ ਉਹ ਆਪਣੇ ਸਾਥੀ ਨਾਲ ਇੱਕ ਜਮੀਨ ਦੀ ਰਜਿਸਟਰੀ ਕਰਵਾਉਣ ਆਏ ਜੋ ਕਿ ਨਿਯਮਾਂ ਅਨੁਸਾਰ ਬਿਲਕੁਲ ਸਹੀ ਸੀ ਪਰ ਉਸ 'ਤੇ ਵੀ ਇਤਰਾਜ ਲਗਾ ਕੇ ਕਾਫ਼ੀ ਪੁੱਛਗਿੱਛ ਕੀਤੀ ਗਈ ਤਾਂ ਜੋ ਅਸੀਂ ਰਿਸ਼ਵਤ ਦੇਣ ਲਈ ਮਜ਼ਬੂਰ ਹੋ ਜਾਈਏ। ਉਨ੍ਹਾਂ ਕਿਹਾ ਕਿ ਮਾਛੀਵਾੜਾ ਸਬ ਤਹਿਸੀਲ ਵਿਚ ਇਸ ਸਮੇਂ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ ਅਤੇ ਕੋਈ ਵੀ ਕੰਮ ਰਿਸ਼ਵਤ ਦਿੱਤੇ ਬਿਨ੍ਹਾਂ ਨਹੀਂ ਹੁੰਦਾ। 'ਆਪ' ਆਗੂ ਅਜਮੇਰ ਸਿੰਘ ਨੇ ਕਿਹਾ ਕਿ ਉਸਨੇ ਜਮੀਨ ਦਾ ਇੰਤਕਾਲ ਕਰਵਾਉਣਾ ਸੀ ਜਿਸ ਲਈ ਇੱਕ ਪਟਵਾਰੀ ਵਲੋਂ 15 ਹਜ਼ਾਰ ਰੁਪਏ ਰਿਸ਼ਵਤ ਲਈ ਗਈ ਅਤੇ 15 ਹਜ਼ਾਰ ਰੁਪਏ ਹੋਰ ਮੰਗੇ ਜਾ ਰਹੇ ਸਨ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮਾਛੀਵਾੜਾ ਸਬ-ਤਹਿਸੀਲ ਵਿਚ ਜੋ ਭ੍ਰਿਸ਼ਟ ਅਧਿਕਾਰੀ ਤੇ ਕਰਮਚਾਰੀ ਹਨ ਉਨ੍ਹਾਂ ਨੂੰ ਨੱਥ ਪਾਈ ਜਾਵੇ ਅਤੇ ਇਨ੍ਹਾਂ ਖਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ।

**ਨਾਇਬ ਤਹਿਸੀਲਦਾਰ ਨੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਨੂੰ ਪੂਰੀ ਤਰ੍ਹਾਂ ਨਕਾਰਿਆ**

ਇਸ ਸਬੰਧੀ ਮੌਕੇ 'ਤੇ ਹੀ ਮੌਜੂਦ ਨਾਇਬ ਤਹਿਸੀਲਦਾਰ ਹਰਕੀਰਤ ਸਿੰਘ ਨੇ ਕਿਹਾ ਕਿ ਉਸਨੇ ਰਜਿਸਟਰੀ ਕਰਨ ਬਦਲੇ 20 ਹਜ਼ਾਰ ਰੁਪਏ ਦੀ ਕੋਈ ਰਿਸ਼ਵਤ ਨਹੀਂ ਲਈ ਅਤੇ ਇਹ ਬਿਲਕੁਲ ਝੂਠੇ ਤੇ ਬੇਬੁਨਿਆਦ ਦੋਸ਼ ਹਨ। ਉਨ੍ਹਾਂ ਕਿਹਾ ਕਿ ਅੱਜ ਜੋ ਰਜਿਸਟਰੀ ਕਰਵਾਉਣ ਆਏ ਹਨ ਉਸਦੇ ਦਸਤਾਵੇਜਾਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਨਿਯਮਾਂ ਅਨੁਸਾਰ ਹੋਈ ਤਾਂ ਉਹ ਜ਼ਰੂਰ ਕੀਤੀ ਜਾਵੇਗੀ। ਦੂਸਰੇ ਪਾਸੇ ਜਿਸ ਪਟਵਾਰੀ 'ਤੇ ਰਿਸ਼ਵਤ ਲੈਣ ਦੇ ਦੋਸ਼ ਲਗਾਏ ਉਸਨੇ ਵੀ ਦੋਸ਼ਾਂ ਨੂੰ ਗਲਤ ਦੱਸਿਆ ਅਤੇ ਕਿਹਾ ਕਿ ਉਸਨੇ ਕੋਈ ਵੀ ਰਿਸ਼ਵਤ ਨਹੀਂ ਲਈ।

**ਪਟਵਾਰੀ ਵਲੋਂ ਕੀਤੀ ਪੱਤਰਕਾਰਾਂ ਨਾਲ ਬਦਸਲੂਕੀ**

ਜਦੋਂ ਪੱਤਰਕਾਰਾਂ ਵਲੋਂ ਰਿਸ਼ਵਤ ਲੈਣ ਦੇ ਦੋਸ਼ਾਂ ਸਬੰਧੀ ਪਟਵਾਰੀ ਤੋਂ ਉਸਦਾ ਪੱਖ ਲਿਆ ਜਾ ਰਿਹਾ ਸੀ ਤਾਂ ਉੱਥੇ ਮੌਜੂਦ ਇੱਕ ਹੋਰ ਪਟਵਾਰੀ ਦਿਵਾਕਰ ਮਿਸ਼ਰਾ ਵਲੋਂ ਪੱਤਰਕਾਰਾਂ ਨਾਲ ਬਦਸਲੂਕੀ ਕੀਤੀ ਗਈ। ਪਟਵਾਰੀ ਦਿਵਾਕਰ ਮਿਸ਼ਰਾ ਵਲੋਂ ਇਸ ਸਾਰੇ ਵਾਕਿਆ ਦੀ ਵੀਡੀਓ ਬਣਾਈ ਜਾ ਰਹੀ ਸੀ ਅਤੇ ਪੱਤਰਕਾਰਾਂ ਨੂੰ ਪੁੱਛਣ ਲੱਗਾ ਕਿ ਤੁਸੀਂ ਕਿਸ ਅਖ਼ਬਾਰ ਦੇ ਪੱਤਰਕਾਰ ਹੋ ਤਾਂ ਉਨ੍ਹਾਂ ਵਲੋਂ ਪਹਿਚਾਣ ਪੱਤਰ ਦਿਖਾ ਦਿੱਤੇ ਗਏ।

ਉਸਨੇ ਪੱਤਰਕਾਰਾਂ 'ਤੇ ਦੋਸ਼ ਲਗਾਇਆ ਕਿ ਤੁਸੀਂ ਤਹਿਸੀਲ ਵਿਚ ਆ ਕੇ ਗੁੰਡਾਗਰਦੀ ਕਰਦੇ ਹੋ। ਆਪਣੇ ਵਿਭਾਗ ਦੇ ਅਧਿਕਾਰੀਆਂ ਵਲੋਂ ਫੈਲਾਏ ਜਾ ਰਹੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਦੀਆਂ ਨਾਕਾਮੀਆਂ ਛੁਪਾਉਣ ਲਈ ਉਕਤ ਪਟਵਾਰੀ ਨੇ ਵੀ ਪੱਤਰਕਾਰਾਂ ਨਾਲ ਬਦਸਲੂਕੀ ਕੀਤੀ ਜਿਸ ਸਬੰਧੀ ਪ੍ਰੈੱਸ ਕਲੱਬ ਵਲੋਂ ਇਸ ਪਟਵਾਰੀ ਖਿਲਾਫ਼ ਡਿਪਟੀ ਕਮਿਸ਼ਨਰ ਲੁਧਿਆਣਾ ਤੇ ਉੱਚ ਅਧਿਕਾਰੀਆਂ ਕੋਲ ਸ਼ਿਕਾਇਤ ਵੀ ਦਰਜ ਕਰਵਾਈ ਜਾਵੇਗੀ।



# ਹਰਿਆਣਾ ਖ਼ਬਰਨਾਮਾ



## ਦਿੱਲੀ-ਜੰਮੂ-ਕਟੜਾ ਐਕਸਪ੍ਰੈਸਵੇਅ ਦਾ ਹਰਿਆਣਾ ਖੰਡ ਰਾਸ਼ਟਰ ਨੂੰ ਸਮਰਪਿਤ, ਅੰਬਾਲਾ-ਕਾਲਾ ਅੰਬ ਨੈਸ਼ਨਲ ਹਾਈ-ਵੇ ਅਤੇ ਕੁਰੂਕਸ਼ੇਤਰ ਐਲੀਵੇਟਿਡ ਰੇਲਵੇ ਟ੍ਰੈਕ ਦਾ ਵੀ ਕੀਤਾ ਉਦਘਾਟਨ

**➢ ਭਿਵਾਨੀ ਅਤੇ ਕੋਰੀਆਵਾਸ (ਨਾਰਨੌਲ) ਦੇ ਨਵੇਂ ਸਰਕਾਰੀ ਮੈਡੀਕਲ ਕਾਲਜਾਂ ਦਾ ਕੀਤਾ ਉਦਘਾਟਨ ➢ ਸਿੱਖ ਅਜਾਇਬ ਘਰ ਦਾ ਰੱਖਿਆ ਨੀਂਹ ਪੱਥਰ, ਸਿੱਖ ਇਤਿਹਾਸ, ਗੁਰੂਆਂ ਦੀਆਂ ਸਿੱਖਿਆਵਾਂ, ਬਹਾਦਰੀ ਅਤੇ ਕੁਰਬਾਨੀ ਦਾ ਆਧੁਨਿਕ ਤਕਨੀਕ ਰਾਹੀਂ ਹੋਵੇਗਾ ਪ੍ਰਦਰਸ਼ਨ**

**ਚੰਡੀਗੜ੍ਹ, 18 ਜੁਲਾਈ**
**-ਮਨੋਜ ਵਰਮਾ-**



ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਕਾਰਜਪ੍ਰਣਾਲੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹਰਿਆਣਾ ਦੀ ਡਬਲ ਇੰਜਨ ਸਰਕਾਰ 'ਸਬਕਾ ਸਾਥ-ਸਬਕਾ ਵਿਕਾਸ' ਦੇ ਮੰਤਰ 'ਤੇ ਚੱਲ ਰਹੀ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਦੀ ਅਗਵਾਈ ਹੇਠ ਹਰਿਆਣਾ ਸਰਕਾਰ, ਇੱਥੋਂ ਦੇ ਨੌਜਵਾਨਾਂ, ਕਿਸਾਨਾਂ, ਭੈਣਾਂ-ਧੀਆਂ, ਸਭ ਲਈ ਬਿਹਤਰੀਨ ਕੰਮ ਕਰ ਰਹੀ ਹੈ। ਬਿਨਾਂ ਖਰਚੀ-ਪਰਚੀ ਦੇ ਨੌਕਰੀ ਦੇਣ ਦਾ ਜੋ ਰਸਤਾ ਹਰਿਆਣਾ ਸਰਕਾਰ ਨੇ ਦਿਖਾਇਆ ਹੈ, ਉਹ ਇੰਨਾ ਆਸਾਨ ਨਹੀਂ ਸੀ, ਪਰ ਇਹ ਭਾਜਪਾ ਸਰਕਾਰ ਨੇ ਕਰਕੇ ਦਿਖਾਇਆ ਹੈ। ਹਰਿਆਣਾ ਹੁਣ ਤੇਜ਼ ਵਿਕਾਸ ਦੇ ਰਾਹ 'ਤੇ ਦੌੜ ਰਿਹਾ ਹੈ। ਖੇਤੀ ਹੋਵੇ ਜਾਂ ਫਿਰ ਉਦਯੋਗ, ਇਹ ਦੋ ਅਜਿਹੇ ਪਹੀਏ ਹਨ, ਜੋ ਹਰਿਆਣਾ ਨੂੰ ਮਜ਼ਬੂਤ ਕਰ ਰਹੇ ਹਨ।

ਪ੍ਰਧਾਨ ਮੰਤਰੀ ਸ਼ੁੱਕਰਵਾਰ ਨੂੰ ਜੀਂਦ ਵਿੱਚ ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਨੂੰ ਝੰਡੀ ਦਿਖਾ ਕੇ ਰਵਾਨਾ ਕਰਨ ਤੋਂ ਬਾਅਦ ਜੀਂਦ ਵਿੱਚ ਆਯੋਜਿਤ ਵਿਸ਼ਾਲ ਜਨਸਭਾ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼, ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ, ਕੇਂਦਰੀ ਰੇਲ ਮੰਤਰੀ ਸ੍ਰੀ ਅਸ਼ਵਨੀ ਵੈਸ਼ਨਵ ਅਤੇ ਹਰਿਆਣਾ ਡਿਪਟੀ ਸਪੀਕਰ ਡਾ ਕ੍ਰਿਸ਼ਣ ਮਿੱਢਾ ਵੀ ਮੌਜੂਦ ਸਨ।

ਸ੍ਰੀ ਨਰਿੰਦਰ ਮੋਦੀ ਨੇ ਹਰਿਆਣਵੀ ਵਿੱਚ ਕਿਹਾ ਕਿ ਇੱਥੇ ਆ ਕੇ ਮਨ ਗਦਗਦ ਹੋ ਗਿਆ ਹੈ। ਇਹ ਕੋਈ ਸਾਧਾਰਨ ਧਰਤੀ ਨਹੀਂ ਹੈ। ਇਹ ਧਰਤੀ ਇਤਿਹਾਸ, ਵੀਰਤਾ, ਧਰਮ ਅਤੇ ਗੌਰਵ ਦੀ ਧਰਤੀ ਹੈ। ਸ਼ਕਤੀ ਪੀਠ ਮਾਤਾ ਜਯੰਤੀ ਦਾ ਨਾਮ ਅਤੇ ਆਸ਼ੀਰਵਾਦ ਇਸ ਸ਼ਹਿਰ 'ਤੇ ਬਣਿਆ ਰਹਿੰਦਾ ਹੈ। ਇੱਥੋਂ ਦੇ ਲੋਕਾਂ ਨੇ ਜੋ ਅਪਣਾਪਨ ਦਿੱਤਾ, ਜੋ ਪਿਆਰ ਦਿੱਤਾ, ਉਹ ਅੱਜ ਤੱਕ ਨਹੀਂ ਭੁੱਲਿਆ। ਮੁਰਾਹ ਮੱਝ ਦਾ ਦੁੱਧ-ਦਹੀਂ ਅਤੇ ਘਿਓ, ਜੀਂਦ ਦਾ ਦੇਸੀ ਬੂਰਾ, ਅਤੇ ਇੱਥੋਂ ਦਾ ਘੇਵਰ, ਇਹ ਉਹ ਯਾਦਾਂ ਹਨ, ਜੋ ਜੀਂਦ ਨਾਲ ਜੁੜ ਹੀ ਜਾਂਦੀਆਂ ਹਨ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਇੰਨੇ ਸਾਲਾਂ ਵਿੱਚ ਜੀਂਦ ਦਾ ਘਿਓ ਅਤੇ ਘੇਵਰ ਤਾਂ ਨਹੀਂ ਬਦਲਿਆ, ਪਰ ਜੀਂਦ ਦੇ ਤੇਵਰ ਬਦਲ ਗਏ ਹਨ। ਅੱਜ ਜੀਂਦ, ਭਾਜਪਾ-ਐਨਡੀਏ ਦੇ ਸੁਸ਼ਾਸਨ ਮਾਡਲ ਦੀ ਤਸਵੀਰ ਬਣ ਰਿਹਾ ਹੈ। ਬੀਤੇ ਸਾਲਾਂ ਵਿੱਚ ਪੂਰਾ ਹਰਿਆਣਾ ਹੀ, ਵਿਕਾਸ ਦੀ ਨਵੀਂ ਪਟੜੀ 'ਤੇ ਚੱਲ ਪਿਆ ਹੈ। ਅੱਜ ਦਾ ਇਹ ਪ੍ਰੋਗਰਾਮ, ਡਬਲ ਇੰਜਣ ਦੀ ਭਾਜਪਾ ਸਰਕਾਰ ਦੇ ਇਸੇ ਮਿਸ਼ਨ ਨੂੰ, ਨਵੀਂ ਊਰਜਾ ਨਾਲ ਭਰ ਰਿਹਾ ਹੈ।

ਉਨ੍ਹਾਂ ਕਿਹਾ ਕਿ ਅੱਜ ਜੀਂਦ, ਹਰਿਆਣਾ ਦਾ ਨਾਮ ਇਤਿਹਾਸ ਦੇ ਪੰਨਿਆਂ ਵਿੱਚ ਦਰਜ ਹੋ ਗਿਆ ਹੈ। ਅੱਜ ਇੱਥੋਂ, ਦੇਸ਼ ਨੂੰ ਪਹਿਲੀ ਹਾਈਡ੍ਰੋਜਨ ਟ੍ਰੇਨ ਮਿਲੀ ਹੈ। ਅੱਜ ਵੀ ਅਸੀਂ ਪੜ੍ਹਦੇ ਹਾਂ, ਸੁਣਦੇ ਹਾਂ ਕਿ ਭਾਰਤ ਵਿੱਚ ਪਹਿਲੀ ਟ੍ਰੇਨ ਬੰਬੇ ਤੋਂ ਠਾਣੇ ਵਿਚਕਾਰ ਚੱਲੀ ਸੀ। ਉਵੇਂ ਹੀ ਭਵਿੱਖ ਵਿੱਚ ਜਦੋਂ ਵੀ ਹਾਈਡ੍ਰੋਜਨ ਟ੍ਰੇਨ ਦਾ ਜ਼ਿਕਰ ਆਵੇਗਾ, ਤਾਂ ਜੀਂਦ ਦਾ, ਸੋਨੀਪਤ ਦਾ, ਹਰਿਆਣਾ ਦਾ ਨਾਮ ਵੀ ਆਵੇਗਾ।

ਉਨ੍ਹਾਂ ਕਿਹਾ ਕਿ ਅੱਜ 14 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਹੋਰ ਪ੍ਰੋਜੈਕਟ ਵੀ ਹਰਿਆਣਾ ਨੂੰ ਮਿਲੇ ਹਨ। ਇਸ ਵਿੱਚ ਰੇਲਵੇ, ਹਾਈਵੇ, ਵਿਰਾਸਤ ਨਾਲ ਜੁੜੇ ਪ੍ਰੋਜੈਕਟ ਹਨ ਅਤੇ ਦੋ ਨਵੇਂ ਮੈਡੀਕਲ ਕਾਲਜ ਵੀ ਹਰਿਆਣਾ ਦੀ ਸੇਵਾ ਲਈ ਸਮਰਪਿਤ ਹੋਏ ਹਨ। ਇਸ ਨਾਲ ਇੱਥੋਂ ਦੇ ਨੌਜਵਾਨਾਂ ਲਈ, ਡਾਕਟਰ ਅਤੇ ਹੋਰ ਮੈਡੀਕਲ ਪ੍ਰੋਫੈਸ਼ਨਲ ਬਣਨ ਦੇ ਨਵੇਂ ਰਾਹ ਵੀ ਬਣਨਗੇ। ਇਸ ਤੋਂ ਇਲਾਵਾ, ਪ੍ਰਧਾਨ ਮੰਤਰੀ ਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ) ਦੇ 5 ਲਾਭਕਾਰਾਂ ਨੂੰ ਮੰਚ 'ਤੇ ਪ੍ਰਤੀਕਾਤਮਕ ਤੌਰ 'ਤੇ ਘਰ ਦੀ ਚਾਬੀ ਸੌਂਪ ਕੇ ਉਨ੍ਹਾਂ ਦੇ ਆਪਣੇ ਘਰ ਦਾ ਸੁਪਨਾ ਪੂਰਾ ਕੀਤਾ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਜੀਂਦ ਅਤੇ ਹਰਿਆਣਾ ਦੇ ਲੋਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਵੱਛਤਾ ਨਾਲ ਸਵਾਗਤ ਪਹਿਲ ਨੂੰ ਲੋਕਾਂ ਨੇ ਜਿਸ ਗੰਭੀਰਤਾ ਨਾਲ ਲਿਆ ਹੈ, ਉਹ ਦਿਲ ਖੁਸ਼ ਕਰ ਦੇਣ ਵਾਲਾ ਹੈ। ਪਿਛਲੇ ਇੱਕ ਹਫ਼ਤੇ ਤੋਂ ਸੋਸ਼ਲ ਮੀਡੀਆ ਵਿੱਚ ਸਫਾਈ ਮੁਹਿੰਮ ਦੀ ਭਾਰੀ ਚਰਚਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਰੇ ਲੋਕ ਇਹ ਤੈਅ ਕਰ ਲੈਣ ਕਿ ਸਵੱਛਤਾ ਹੀ ਸਾਡਾ ਸੁਭਾਅ ਬਣੇ, ਸਵੱਛਤਾ ਹੀ ਸਾਡੇ ਸੰਸਕਾਰ ਬਣ ਜਾਣ, ਅਸੀਂ ਸਵੱਛਤਾ ਨੂੰ ਇਸੇ ਤਰ੍ਹਾਂ ਆਪਣੀ ਹਰ ਦਿਨ ਦੀ ਜ਼ਿੰਦਗੀ ਦਾ ਹਿੱਸਾ ਬਣਾਵਾਂਗੇ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹੀਵੀਂ ਸਦੀ ਦੇ ਰੇਲਵੇ ਦੀ ਪਛਾਣ ਸਟੀਮ ਇੰਜਣ ਨਾਲ ਬਣੀ ਸੀ। ਵੀਹਵੀਂ ਸਦੀ ਦੀ ਪਛਾਣ, ਡੀਜ਼ਲ ਅਤੇ ਬਿਜਲੀ ਨਾਲ ਚੱਲਣ ਵਾਲੀ ਰੇਲ ਬਣੀ, ਅਤੇ ਹੁਣ ਇਕੀਵੀਂ ਸਦੀ ਦੀ ਰੇਲ ਹਾਈਡ੍ਰੋਜਨ ਨਾਲ ਚੱਲਣ ਵਾਲੀ ਹੈ। ਅੱਜ ਭਾਰਤੀ ਰੇਲ ਨੇ ਵੀ, ਇਕੀਵੀਂ ਸਦੀ ਦੀ ਇਸ ਟੈਕਨਾਲੋਜੀ ਵਿੱਚ ਇੱਕ ਵੱਡਾ ਸਟੈਪ ਲਿਆ ਹੈ। ਅੱਜ ਜੀਂਦ ਤੋਂ ਸੋਨੀਪਤ ਵਿਚਕਾਰ, ਹਾਈਡ੍ਰੋਜਨ ਟ੍ਰੇਨ ਚੱਲੀ ਹੈ। ਅਜੇ ਇਹ ਸਫ਼ਰ 90 ਕਿਲੋਮੀਟਰ ਦਾ ਹੈ, ਪਰ ਭਵਿੱਖ ਵਿੱਚ ਇਸ ਦਾ ਵਿਸਤਾਰ ਹੋਣ ਦੀਆਂ ਬਹੁਤ ਸੰਭਾਵਨਾਵਾਂ ਹਨ। ਦੁਨੀਆ ਵਿੱਚ ਹਾਈਡ੍ਰੋਜਨ ਟ੍ਰੇਨ ਅਜੇ-ਅਜੇ ਆਈ ਹੈ, ਕਰੀਬ 7-8 ਸਾਲ ਪਹਿਲਾਂ ਹੀ ਹੋਂਦ ਵਿੱਚ ਆਈ ਹੈ। ਅਜੇ ਦੁਨੀਆ ਦੇ 3 ਜਾਂ 4 ਦੇਸ਼ ਹੀ ਹਨ, ਜਿਨ੍ਹਾਂ ਕੋਲ ਹਾਈਡ੍ਰੋਜਨ ਟ੍ਰੇਨ ਚਲਾਉਣ ਦਾ ਸਮਰੱਥਾ ਹੈ। ਅਤੇ ਜਿਨ੍ਹਾਂ ਦੇਸ਼ਾਂ ਵਿੱਚ ਅਜੇ ਅਜਿਹੀ ਹਾਈਡ੍ਰੋਜਨ ਟ੍ਰੇਨ ਚੱਲ ਵੀ ਰਹੀ ਹੈ, ਉੱਥੇ ਬਹੁਤ ਸ਼ੁਰੂਆਤੀ ਦੌਰ ਵਿੱਚ ਹੈ। ਪਰ ਜੀਂਦ ਤੋਂ ਸੋਨੀਪਤ ਚੱਲਣ ਵਾਲੀ ਹਾਈਡ੍ਰੋਜਨ ਟ੍ਰੇਨ ਦੁਨੀਆ ਦੀ ਸਭ ਤੋਂ ਤਾਕਤਵਰ ਹਾਈਡ੍ਰੋਜਨ ਟ੍ਰੇਨ ਹੈ। ਇਹ ਹਾਈਡ੍ਰੋਜਨ ਟ੍ਰੇਨ, 3200 ਹਾਰਸ ਪਾਵਰ ਦੀ ਹੈ ਅਤੇ ਸਭ ਤੋਂ ਤਾਕਤਵਰ ਹੀ ਨਹੀਂ, ਭਾਰਤ ਦੀ ਹਾਈਡ੍ਰੋਜਨ ਟ੍ਰੇਨ, ਸਭ ਤੋਂ ਲੰਬੀ ਵੀ ਹੈ। ਭਾਰਤ ਨੇ ਪਹਿਲੀ ਵਾਰ ਵਿੱਚ ਸਿੱਧੇ 10 ਕੋਚ ਵਾਲੀ ਹਾਈਡ੍ਰੋਜਨ ਟ੍ਰੇਨ ਚਲਾ ਕੇ, ਦੁਨੀਆ ਵਿੱਚ ਆਪਣਾ ਝੰਡਾ ਗੱਡ ਦਿੱਤਾ ਹੈ। ਭਾਰਤ ਦੀ ਇਹ ਹਾਈਡ੍ਰੋਜਨ ਟ੍ਰੇਨ, ਧੂੰਆਂ ਰਹਿਤ ਤਾਂ ਹੈ ਹੀ, ਇਹ ਮੇਕ ਇਨ ਇੰਡੀਆ ਦਾ ਵੀ ਇੱਕ ਬਹੁਤ ਸਫਲ ਉਦਾਹਰਣ ਹੈ। ਇਸ ਹਾਈਡ੍ਰੋਜਨ ਟ੍ਰੇਨ ਨੂੰ ਭਾਰਤ ਦੇ ਹੀ ਇੰਜੀਨੀਅਰਾਂ ਨੇ ਡਿਜ਼ਾਈਨ ਕੀਤਾ ਹੈ, ਭਾਰਤ ਦੀ ਹੀ ਕੰਪਨੀ ਨੇ ਇਸ ਨੂੰ ਬਣਾਇਆ ਹੈ। ਇਹ ਹਾਈਡ੍ਰੋਜਨ ਟ੍ਰੇਨ, ਬਾਕੀ ਟ੍ਰੇਨਾਂ ਤੋਂ ਬਿਲਕੁਲ ਵੱਖ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਇੱਥੇ ਹਾਈਡ੍ਰੋਜਨ ਟ੍ਰੇਨ ਨਾਲ ਜੁੜਿਆ ਹੋਰ ਵੀ ਇਨਫਰਾਸਟਰੱਕਚਰ ਬਣੇਗਾ, ਨਵੀਆਂ-ਨਵੀਆਂ ਫੈਕਟਰੀਆਂ ਲੱਗਣਗੀਆਂ, ਜੋ ਹਾਈਡ੍ਰੋਜਨ ਟ੍ਰੇਨ ਨੈੱਟਵਰਕ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨਗੀਆਂ। ਇਸ ਟ੍ਰੇਨ ਨਾਲ, ਹਰਿਆਣਾ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਅਨੇਕ ਨਵੇਂ ਮੌਕੇ ਬਣਨੇ ਤੈਅ ਹਨ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ 12 ਸਾਲਾਂ ਵਿੱਚ ਭਾਰਤੀ ਰੇਲ ਵਿੱਚ ਜੋ ਇਹ ਵੱਡੇ ਬਦਲਾਅ ਹੋਏ, ਇਸ ਨਾਲ ਭਾਰਤ ਨੂੰ ਫਾਇਦਾ ਹੋਇਆ ਹੈ। ਪਿਛਲੇ ਕਈ ਮਹੀਨਿਆਂ ਤੋਂ ਪੱਛਮੀ ਏਸ਼ੀਆ ਵਿੱਚ, ਹੋਰਮੁਜ਼ ਦੇ ਪੂਰੇ ਖੇਤਰ ਵਿੱਚ, ਈਰਾਨ ਅਤੇ ਗਲਫ ਵਿੱਚ ਯੁੱਧ ਚੱਲ ਰਿਹਾ ਹੈ, ਅਤੇ ਜਿਸ ਸਮੁੰਦਰੀ ਰਸਤੇ ਤੋਂ ਹੋਰਮੁਜ਼ ਤੋਂ ਭਾਰਤ, ਬਹੁਤ ਵੱਡੀ ਮਾਤਰਾ ਵਿੱਚ ਪੈਟਰੋਲ-ਡੀਜ਼ਲ-ਐਲਪੀਜੀ ਗੈਸ, ਕਿਸਾਨਾਂ ਲਈ ਖਾਦ, ਆਉਂਦਾ ਹੈ। ਪਰ ਪਿਛਲੇ 3-4 ਮਹੀਨਿਆਂ ਤੋਂ ਇਹ ਰਸਤਾ, ਨਿਰੰਤਰ ਯੁੱਧ ਦਾ ਮੈਦਾਨ ਬਣ ਚੁੱਕਾ ਹੈ, ਸੰਕਟਾਂ ਨਾਲ ਘਿਰਿਆ ਹੋਇਆ ਹੈ। ਜੇ 2014 ਤੋਂ ਪਹਿਲਾਂ ਜੇ ਇਹ ਸਥਿਤੀ ਆਉਂਦੀ, ਤਾਂ ਅੱਜ ਹਿੰਦੁਸਤਾਨ ਦਾ ਰੇਲਵੇ ਦਾ ਕੰਮ ਪੂਰਾ ਦਾ ਪੂਰਾ ਠੱਪ ਪਿਆ ਗਿਆ ਹੁੰਦਾ। ਕਿਉਂਕਿ ਉਸ ਸਮੇਂ 2014 ਵਿੱਚ, ਦੇਸ਼ ਦਾ ਬਹੁਤ ਵੱਡਾ ਹਿੱਸਾ ਅਜਿਹਾ ਸੀ, ਜਿੱਥੇ ਸਾਡੀਆਂ ਟ੍ਰੇਨਾਂ ਸਿਰਫ਼ ਅਤੇ ਸਿਰਫ਼ ਡੀਜ਼ਲ ਨਾਲ ਚੱਲਦੀਆਂ ਸਨ। ਹੁਣ ਤੁਸੀਂ ਸੋਚੋ, ਜੇ ਡੀਜ਼ਲ ਆਉਣਾ ਬੰਦ ਹੋ ਗਿਆ ਹੁੰਦਾ, ਅੱਜ ਡੀਜ਼ਲ ਨਾਲ ਚੱਲਣ ਵਾਲੀ ਟ੍ਰੇਨਾਂ ਕਿਵੇਂ ਚੱਲਦੀਆਂ? ਦੇਸ਼ ਕਿੰਨੇ ਵੱਡੇ ਸੰਕਟ ਵਿੱਚ ਆ ਜਾਂਦਾ। ਪਰ ਇਹ 2014 ਦੀ ਸਥਿਤੀ ਨਹੀਂ ਹੈ, ਇਹ ਮੋਦੀ ਹੈ। ਬਹੁਤ ਪਹਿਲਾਂ ਸੋਚਦਾ ਵੀ ਹੈ ਅਤੇ ਸਮੱਸਿਆ ਦੇ ਹੱਲ ਦੇ ਰਸਤੇ ਵੀ ਜ਼ਮੀਨ 'ਤੇ ਉਤਾਰਦਾ ਹੈ।

ਉਨ੍ਹਾਂ ਕਿਹਾ ਕਿ ਅੱਜ ਜੀਂਦ, ਜੋ ਇੰਨੇ ਸਾਰੇ ਹਾਈਵੇ ਨਾਲ ਜੁੜ ਰਿਹਾ ਹੈ। ਅੱਜ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸਵੇ ਦੇ ਹਰਿਆਣਾ ਵਾਲੇ ਹਿੱਸੇ ਦਾ ਉਦਘਾਟਨ ਹੋਇਆ ਹੈ।

## ਜੀਂਦ ਦੀ ਇਕੋ-ਫ੍ਰੈਂਡਲੀ ਰੈਲੀ ਨੇ ਗ੍ਰੀਨ ਐਨਰਜੀ ਅਤੇ ਸਵੱਛ ਵਾਤਾਵਰਣ ਦਾ ਦਿੱਤਾ ਵੱਡਾ ਸੰਦੇਸ਼

**ਜੀਂਦ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜੀਂਦ ਵਿੱਚ ਆਯੋਜਿਤ ਇਕੋ-ਫ੍ਰੈਂਡਲੀ ਰੈਲੀ ਨੇ ਗ੍ਰੀਨ ਐਨਰਜੀ ਨੂੰ ਪ੍ਰੋਤਸਾਹਨ ਦੇਣ ਅਤੇ ਸਵੱਛ ਵਾਤਾਵਰਣ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਦਾ ਪ੍ਰਭਾਵੀ ਸੰਦੇਸ਼ ਦਿੱਤਾ। ਰੈਲੀ ਵਿੱਚ ਆਮ ਲੋਕਾਂ, ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ। ਭਾਗੀਦਾਰਾਂ ਨੇ ਈ-ਵਹੀਕਲ ਅਤੇ ਹੋਰ ਗ੍ਰੀਨ ਐਨਰਜੀ ਨਾਲ ਚੱਲਣ ਵਾਲੇ ਵਾਹਨਾਂ ਦੀ ਵਰਤੋਂ ਕਰਕੇ ਵਾਤਾਵਰਣ ਸੰਭਾਲ ਪ੍ਰਤੀ ਆਪਣੀ ਵਚਨਬੱਧਤਾ ਦਾ ਸਬੂਤ ਦਿੱਤਾ।

ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਜੀਂਦ ਤੋਂ ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਨੂੰ ਹਰੀ ਝੰਡੀ ਦਿਖਾਉਣ ਬਾਅਦ ਜੀਂਦ ਵਿੱਚ ਆਯੋਜਿਤ ਵਿਸ਼ਾਲ ਜਨਸਭਾ ਨੂੰ ਸੰਬੋਧਿਤ ਕੀਤਾ। ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਸਵਾਗਤ ਕਰਦਿਆਂ ਕਿਹਾ ਕਿ ਉਹ 140 ਕਰੋੜ ਭਾਰਤੀਆਂ ਦੀਆਂ ਆਸਾਂ, ਉਮੀਦਾਂ ਅਤੇ ਵਿਸ਼ਵਾਸ ਦੇ ਪ੍ਰਤੀਕ ਹੋਣ ਦੇ ਨਾਲ-ਨਾਲ ਵਿਕਸਿਤ ਭਾਰਤ ਦੇ ਨਿਰਮਾਤਾ ਵੀ ਹਨ। ਮੁੱਖ ਮੰਤਰੀ ਨੇ ਪ੍ਰਧਾਨ ਮੰਤਰੀ ਵੱਲੋਂ ਹਰਿਆਣਾ ਨੂੰ 14,721 ਕਰੋੜ ਰੁਪਏ ਦੀ ਲਾਗਤ ਵਾਲੇ 9 ਮਹੱਤਵਪੂਰਨ ਵਿਕਾਸ ਪ੍ਰੋਜੈਕਟਾਂ ਦੀ ਸੌਗਾਤ ਪ੍ਰਦਾਨ ਕਰਨ 'ਤੇ ਉਨ੍ਹਾਂ ਦਾ ਧੰਨਵਾਦ ਪ੍ਰਗਟ ਕੀਤਾ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਦੇਸ਼ ਨੇ ਪਿਛਲੇ 12 ਸਾਲਾਂ ਵਿੱਚ ਬੇਮਿਸਾਲ ਤਬਦੀਲੀ ਦੇਖੀ ਹੈ। ਅੱਜ ਦਾ ਭਾਰਤ ਸਿਰਫ਼ ਵਿਕਾਸ ਦੀ ਗੱਲ ਨਹੀਂ ਕਰਦਾ, ਸਗੋਂ ਦੁਨੀਆ ਸਾਹਮਣੇ ਵਿਕਾਸ ਦਾ ਨਵਾਂ ਮਾਡਲ ਪੇਸ਼ ਕਰ ਰਿਹਾ ਹੈ। ਬੁਨਿਆਦੀ ਢਾਂਚੇ, ਰੇਲ, ਸੜਕ, ਐਕਸਪ੍ਰੈਸ-ਵੇ, ਮੈਟਰੋ, ਸਿਹਤ, ਸਿੱਖਿਆ ਅਤੇ ਡਿਜੀਟਲ ਵਿਵਸਥਾ ਸਮੇਤ ਹਰ ਖੇਤਰ ਵਿੱਚ ਦੇਸ਼ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ।

## ਨਵੋਦਿਆ ਵਿਦਿਆਲਿਆ 'ਚ ਰਬਾਬ ਸਮਾਗਮ



**ਸ਼ਾਹਬਾਦ ਮਾਰਕੰਡਾ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਵਾਹਰ ਨਵੋਦਿਆ ਵਿਦਿਆਲਿਆ ਕੌਲਾਂ ਵਿੱਚ ਰਬਾਬ ਸਮਾਗਮ ਕੀਤਾ ਗਿਆ। ਅਰੋਗਿਆ ਭਾਰਤੀ ਅੰਬਾਲਾ ਇਕਾਈ ਅਤੇ ਸਮਾਜਿਕ ਤੇ ਸੱਭਿਆਚਾਰਕ ਜਾਗਰੂਕਤਾ ਸੰਗਠਨ ਨੇ ਸਾਂਝੇ ਤੌਰ 'ਤੇ ਜਵਾਹਰ ਨਵੋਦਿਆ ਵਿਦਿਆਲਿਆ ਕੌਲਾਂ ਵਿੱਚ ਵਿਦਿਆਰਥੀਆਂ ਦਾ ਤਣਾਅ ਘਟਾਉਣ ਲਈ ਸੰਗੀਤ ਦੀ ਭੂਮਿਕਾ ਬਾਰੇ ਇਹ ਸਮਾਗਮ ਕਰਵਾਇਆ ਹੈ। ਇਸ ਮੌਕੇ 'ਤੇ ਅਰੋਗਿਆ ਭਾਰਤੀ ਅੰਬਾਲਾ ਯੂਨਿਟ ਦੇ ਜ਼ਿਲ੍ਹਾ ਪ੍ਰਧਾਨ ਅਤੇ ਜੀ ਐੱਮ ਐੱਨ ਕਾਲਜ ਅੰਬਾਲਾ ਕੈਂਟ ਦੇ ਪ੍ਰਿੰਸੀਪਲ ਡਾ. ਰੋਹਿਤ ਦੱਤ ਨੇ ਕਿਹਾ ਕਿ ਭਾਰਤੀ ਸ਼ਾਸਤਰੀ ਸੰਗੀਤ ਮਾਨਸਿਕ ਸ਼ਾਂਤੀ, ਭਾਵਨਾਤਮਕ ਸਥਿਰਤਾ ਅਤੇ ਸਕਾਰਾਤਮਕ ਊਰਜਾ ਪ੍ਰਦਾਨ ਕਰਨ ਲਈ ਇੱਕ ਪ੍ਰਭਾਵਸ਼ਾਲੀ ਮਾਧਿਅਮ ਹੈ। ਇਸ ਮੌਕੇ ਪ੍ਰਸਿੱਧ ਰਬਾਬ ਵਾਦਕ ਗੁਰਸਿਮਰ ਸਿੰਘ ਸਣੇ ਹੋਰਾਂ ਨੇ ਆਪਣੇ ਪ੍ਰਦਰਸ਼ਨ ਨਾਲ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਕੀਲ ਕੇ ਰੱਖ ਦਿੱਤਾ। ਸਮਾਗਮ ਦੇ ਅੰਤ 'ਚ ਵਿਦਿਆਲਿਆ ਦੇ ਵਾਈਸ ਪ੍ਰਿੰਸੀਪਲ ਜੋਗਿੰਦਰ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਲਈ ਮਾਨਸਿਕ ਅਤੇ ਭਾਵਨਾਤਮਕ ਤੰਦਰੁਸਤੀ ਬਹੁਤ ਜ਼ਰੂਰੀ ਹੈ। ਸਕੂਲ ਪ੍ਰਸ਼ਾਸਨ ਨੇ ਅਰੋਗਿਆ ਭਾਰਤੀ ਅਤੇ ਕਲਾਕਾਰਾਂ ਦਾ ਸਮਾਗਮ ਲਈ ਧੰਨਵਾਦ ਕੀਤਾ।

## ਸਵੱਛਤਾ ਜਨ ਭਾਗੀਦਾਰੀ ਦਾ ਸਭ ਤੋਂ ਵੱਡਾ ਸਰੋਤ, ਇਸ ਨੂੰ ਹਰ ਵਿਅਕਤੀ ਆਪਣੇ ਜੀਵਨ ਦਾ ਹਿੱਸਾ ਬਣਾਵੇ : ਕ੍ਰਿਸ਼ਨ ਲਾਲ ਪੰਵਾਰ

**ਚੰਡੀਗੜ੍ਹ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਵਿਕਾਸ ਅਤੇ ਪੰਚਾਇਤ ਮੰਤਰੀ ਸ੍ਰੀ ਕ੍ਰਿਸ਼ਨ ਲਾਲ ਪੰਵਾਰ ਨੇ ਸ਼ਨੀਵਾਰ ਨੂੰ ਪਾਣੀਪਤ ਵਿੱਚ ਇਸਰਾਨਾ ਵਿਧਾਨਸਭਾ ਖੇਤਰ ਦੇ ਪਿੰਡ ਵੈਸਰ ਵਿੱਚ ਆਯੋਜਿਤ ਪ੍ਰੋਗਰਾਮ ਵਿੱਚ ਸਵੱਛਤਾ ਮੁਹਿੰਮ ਦਾ ਵਿਧੀਵਤ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਨੇ ਖੁਦ ਸਵੱਛਤਾ ਮੁਹਿੰਮ ਵਿੱਚ ਹਿੱਸਾ ਲੈ ਕੇ ਪਿੰਡਵਾਸੀਆਂ ਨੂੰ ਸਵੱਛਤਾ ਦਾ ਸੰਦੇਸ਼ ਦਿੱਤਾ ਅਤੇ ਮੌਜੂਦ ਜਨ ਸਮੂਹ ਨੂੰ ਆਪਣੇ ਪਿੰਡ, ਗਲੀ, ਮੁਹੱਲੇ ਅਤੇ ਜਨਤਕ ਥਾਵਾਂ ਨੂੰ ਸਾਫ਼-ਸੁਥਰਾ ਰੱਖਣ ਦਾ ਸੰਕਲਪ ਲੈਣ ਦੀ ਅਪੀਲ ਕੀਤੀ। ਪ੍ਰੋਗਰਾਮ ਦੌਰਾਨ ਉਨ੍ਹਾਂ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ 171 ਗਰੀਬ ਅਤੇ ਯੋਗ ਪਰਿਵਾਰਾਂ ਨੂੰ ਅਲਾਟਮੈਂਟ ਪੱਤਰ ਵੀ ਵੰਡੇ।

ਮੰਤਰੀ ਸ੍ਰੀ ਕ੍ਰਿਸ਼ਨ ਲਾਲ ਪੰਵਾਰ ਨੇ ਪ੍ਰੋਗਰਾਮ ਨੂੰ ਸੰਬੋਧਿਤ ਕਰਦਿਆਂ ਕਿਹਾ ਕਿ ਸਵੱਛਤਾ ਸਿਰਫ਼ ਸਰਕਾਰ ਦੀ ਮੁਹਿੰਮ ਨਹੀਂ, ਸਗੋਂ ਹਰ ਨਾਗਰਿਕ ਦੀ ਸਮਾਜਿਕ ਅਤੇ ਨੈਤਿਕ ਜ਼ਿੰਮੇਵਾਰੀ ਹੈ। ਜਦੋਂ ਤੱਕ ਸਮਾਜ ਦਾ ਹਰ ਵਿਅਕਤੀ ਸਵੱਛਤਾ ਨੂੰ ਆਪਣੀ ਰੋਜ਼ਾਨਾ ਆਦਤ ਨਹੀਂ ਬਣਾਵੇਗਾ, ਉਦੋਂ ਤੱਕ ਸਵੱਛ ਅਤੇ ਸਿਹਤਮੰਦ ਭਾਰਤ ਦਾ ਸੁਪਨਾ ਪੂਰੀ ਤਰ੍ਹਾਂ ਸਾਕਾਰ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਸ਼ੁਰੂ ਕੀਤੇ ਗਏ ਸਵੱਛ ਭਾਰਤ ਮਿਸ਼ਨ ਨੇ ਪੂਰੇ ਦੇਸ਼ ਵਿੱਚ ਸਵੱਛਤਾ ਪ੍ਰਤੀ ਨਵੀਂ ਜਾਗਰੂਕਤਾ ਪੈਦਾ ਕੀਤੀ ਹੈ ਅਤੇ ਹਰਿਆਣਾ ਸਰਕਾਰ ਵੀ ਇਸ ਮੁਹਿੰਮ ਨੂੰ ਜਨ ਭਾਗੀਦਾਰੀ ਦੇ ਮਾਧਿਅਮ ਨਾਲ ਪਿੰਡ-ਪਿੰਡ ਤੱਕ ਪਹੁੰਚਾਉਣ ਦਾ ਕੰਮ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਸਾਫ਼ ਵਾਤਾਵਰਣ ਨਾਲ ਨਾ ਸਿਰਫ਼ ਬਿਮਾਰੀਆਂ 'ਤੇ ਕਾਬੂ ਪਾਇਆ ਜਾ ਸਕਦਾ ਹੈ, ਸਗੋਂ ਲੋਕਾਂ ਦੇ ਜੀਵਨ ਪੱਧਰ ਵਿੱਚ ਵੀ ਸੁਧਾਰ ਆਉਂਦਾ ਹੈ। ਪਿੰਡਾਂ ਵਿੱਚ ਸਵੱਛਤਾ ਵਿਵਸਥਾ ਮਜ਼ਬੂਤ ਹੋਣ ਨਾਲ ਵਾਤਾਵਰਣ ਸੁਰੱਖਿਆ, ਸਿਹਤ ਸੁਰੱਖਿਆ ਅਤੇ ਸਮਾਜਿਕ ਵਿਕਾਸ ਨੂੰ ਨਵੀਂ ਗਤੀ ਮਿਲਦੀ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਖੁੱਲ੍ਹੇ ਵਿੱਚ ਕੂੜਾ ਸੁੱਟਣ ਦੀ ਪ੍ਰਵਿਰਤੀ ਛੱਡਣ, ਕੂੜੇ ਦਾ ਉਚਿਤ ਪ੍ਰਬੰਧਨ ਕਰਨ ਅਤੇ ਆਪਣੇ ਆਲੇ-ਦੁਆਲੇ ਦੇ ਵਾਤਾਵਰਣ ਨੂੰ ਸਾਫ਼ ਰੱਖਣ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ।

ਵਿਕਾਸ ਅਤੇ ਪੰਚਾਇਤ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਪੇਂਡੂ ਵਿਕਾਸ ਨੂੰ ਨਵੀਂ ਦਿਸ਼ਾ ਦੇਣ ਲਈ ਲਗਾਤਾਰ ਕੰਮ ਕਰ ਰਹੀ ਹੈ। ਪੰਚਾਇਤਾਂ ਨੂੰ ਵਧੇਰੇ ਸ਼ਕਤੀਸ਼ਾਲੀ ਬਣਾਇਆ ਜਾ ਰਿਹਾ ਹੈ ਅਤੇ ਪਿੰਡਾਂ ਵਿੱਚ ਸੜਕ, ਪੀਣ ਵਾਲਾ ਪਾਣੀ, ਸਵੱਛਤਾ, ਨਾਲੀਆਂ, ਕਮਿਊਨਿਟੀ ਹਾਲ, ਖੇਡ ਸਹੂਲਤਾਂ ਅਤੇ ਹੋਰ ਬੁਨਿਆਦੀ ਵਿਕਾਸ ਕੰਮਾਂ ਨੂੰ ਤੇਜ਼ੀ ਨਾਲ ਪੂਰਾ ਕੀਤਾ ਜਾ ਰਿਹਾ ਹੈ। ਸਰਕਾਰ ਦਾ ਉਦੇਸ਼ ਸਿਰਫ਼ ਵਿਕਾਸ ਕੰਮ ਕਰਵਾਉਣਾ ਹੀ ਨਹੀਂ, ਸਗੋਂ ਹਰ ਪਿੰਡ ਨੂੰ ਆਤਮ-ਨਿਰਭਰ, ਸਵੱਛ ਅਤੇ ਆਧੁਨਿਕ ਬਣਾਉਣਾ ਹੈ।

ਪ੍ਰਧਾਨ ਮੰਤਰੀ ਆਵਾਸ ਯੋਜਨਾ ਦਾ ਵਰਣਨ ਕਰਦਿਆਂ ਸ੍ਰੀ ਕ੍ਰਿਸ਼ਨ ਲਾਲ ਪੰਵਾਰ ਨੇ ਕਿਹਾ ਕਿ ਹਰ ਗਰੀਬ ਪਰਿਵਾਰ ਦਾ ਆਪਣਾ ਪੱਕਾ ਘਰ ਹੋਣਾ ਸਰਕਾਰ ਦੀ ਪਹਿਲ ਹੈ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਕੇਂਦਰ ਸਰਕਾਰ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਸੂਬਾ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਕੋਈ ਵੀ ਯੋਗ ਪਰਿਵਾਰ ਆਵਾਸ ਵਰਗੀ ਬੁਨਿਆਦੀ ਸਹੂਲਤ ਤੋਂ ਵਾਂਝਾ ਨਾ ਰਹੇ। ਇਸੇ ਉਦੇਸ਼ ਨਾਲ ਅੱਜ ਪਿੰਡ ਵੈਸਰ ਵਿੱਚ 171 ਯੋਗ ਲਾਭਕਾਰਾਂ ਨੂੰ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਅਲਾਟਮੈਂਟ ਪੱਤਰ ਸੌਂਪੇ ਗਏ ਹਨ। ਉਨ੍ਹਾਂ ਲਾਭਕਾਰਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਆਪਣਾ ਘਰ ਸਿਰਫ਼ ਇੱਕ ਇਮਾਰਤ ਨਹੀਂ ਹੁੰਦਾ, ਸਗੋਂ ਇਹ ਪਰਿਵਾਰ ਦੇ ਸਨਮਾਨ, ਸੁਰੱਖਿਆ ਅਤੇ ਬਿਹਤਰ ਭਵਿੱਖ ਦਾ ਆਧਾਰ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਅੰਤੋਦੇਯ ਦੀ ਭਾਵਨਾ ਨਾਲ ਕੰਮ ਕਰ ਰਹੀ ਹੈ ਅਤੇ ਸਮਾਜ ਦੇ ਆਖਰੀ ਵਿਅਕਤੀ ਤੱਕ ਸਾਰੀਆਂ ਜਨ-ਭਲਾਈ ਯੋਜਨਾਵਾਂ ਦਾ ਲਾਭ ਪਹੁੰਚਾਉਣ ਲਈ ਪੂਰੀ ਵਚਨਬੱਧਤਾ ਨਾਲ ਯਤਨ ਕੀਤੇ ਜਾ ਰਹੇ ਹਨ। ਗਰੀਬ, ਕਿਸਾਨ, ਮਜ਼ਦੂਰ, ਔਰਤਾਂ, ਨੌਜਵਾਨ ਅਤੇ ਸਮਾਜ ਦੇ ਹਰ ਵਰਗ ਦੇ ਉਥਾਨ ਲਈ ਅਨੇਕਾਂ ਯੋਜਨਾਵਾਂ ਪ੍ਰਭਾਵੀ ਢੰਗ ਨਾਲ ਲਾਗੂ ਕੀਤੀਆਂ ਜਾ ਰਹੀਆਂ ਹਨ।

ਮੰਤਰੀ ਸ੍ਰੀ ਕ੍ਰਿਸ਼ਨ ਲਾਲ ਪੰਵਾਰ ਨੇ ਪ੍ਰੋਗਰਾਮ ਦੌਰਾਨ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਵੱਛਤਾ ਮੁਹਿੰਮ ਨੂੰ ਨਿਯਮਿਤ ਜਨ-ਅੰਦੋਲਨ ਵਜੋਂ ਚਲਾਇਆ ਜਾਵੇ ਅਤੇ ਪੰਚਾਇਤਾਂ ਦੇ ਸਹਿਯੋਗ ਨਾਲ ਪਿੰਡਾਂ ਵਿੱਚ ਸਾਫ਼-ਸਫਾਈ ਦੀ ਵਿਵਸਥਾ ਨੂੰ ਹੋਰ ਵੀ ਮਜ਼ਬੂਤ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਵਿਕਾਸ ਕੰਮਾਂ ਵਿੱਚ ਗੁਣਵੱਤਾ ਅਤੇ ਪਾਰਦਰਸ਼ਤਾ ਨਾਲ ਕਿਸੇ ਪ੍ਰਕਾਰ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਹਰ ਯੋਜਨਾ ਦਾ ਲਾਭ ਸਮਾਂਬੱਧ ਢੰਗ ਨਾਲ ਯੋਗ ਲੋਕਾਂ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਜਾਵੇਗਾ।

## ਅਜੈ ਯੋਜਨਾ ਤਹਿਤ ਸਵਾ ਕਰੋੜ ਦੇ 18 ਪ੍ਰਾਜੈਕਟਾਂ ਨੂੰ ਮਨਜ਼ੂਰੀ

**ਰਤੀਆ, 18 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪ੍ਰਧਾਨ ਮੰਤਰੀ ਅਜੈ ਯੋਜਨਾ ਅਧੀਨ ਜ਼ਿਲ੍ਹਾ ਪੱਧਰੀ ਪ੍ਰਾਜੈਕਟ ਮੁਲਾਂਕਣ ਅਤੇ ਕਨਵਰਜੈਂਸ ਕਮੇਟੀ (ਡੀਐੱਲ-ਪੀ ਏ ਸੀ ਸੀ) ਦੀ ਮੀਟਿੰਗ ਏ ਡੀ ਸੀ ਅਨੁਰਾਗ ਧਾਲੀਆ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿੱਤੀ ਸਾਲ 2026-27 ਲਈ ਪ੍ਰਾਪਤ ਹੋਏ 18 ਪ੍ਰਾਜੈਕਟਾਂ 'ਤੇ ਚਰਚਾ ਕੀਤੀ ਗਈ ਅਤੇ ਉਨ੍ਹਾਂ ਨੂੰ ਮਨਜ਼ੂਰੀ ਦਿੱਤੀ ਗਈ। ਇਨ੍ਹਾਂ ਪ੍ਰਾਜੈਕਟਾਂ ਨੂੰ ਸਮਾਜਿਕ ਨਿਆਂ ਅਤੇ ਅਧਿਕਾਰਤਾ, ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਭਲਾਈ ਵਿਭਾਗ ਰਾਹੀਂ ਅੰਤਿਮ ਪ੍ਰਵਾਨਗੀ ਲਈ ਕੇਂਦਰ ਸਰਕਾਰ ਨੂੰ ਸੌਂਪਿਆ ਜਾਵੇਗਾ। ਏ ਡੀ ਸੀ ਅਨੁਰਾਗ ਧਾਲੀਆ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਾਰੇ ਪ੍ਰਸਤਾਵ ਨਿਰਧਾਰਤ ਮਾਪਦੰਡਾਂ ਅਨੁਸਾਰ ਤਿਆਰ ਕਰਨ ਅਤੇ ਉਨ੍ਹਾਂ ਨੂੰ ਸਮੇਂ ਸਿਰ ਉੱਚ ਪੱਧਰ 'ਤੇ ਜਮ੍ਹਾਂ ਕਰਵਾਉਣ ਤਾਂ ਜੋ ਯੋਗ ਲਾਭਪਾਤਰੀ ਇਸ ਯੋਜਨਾ ਦਾ ਲਾਭ ਜਲਦੀ ਪ੍ਰਾਪਤ ਕਰ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਅਨੁਸੂਚਿਤ ਜਾਤੀ ਸ਼੍ਰੇਣੀ ਦੇ ਨੌਜਵਾਨਾਂ ਨੂੰ ਸਵੈ-ਨਿਰਭਰ ਬਣਾਉਣਾ ਅਤੇ ਸਵੈ-ਰੁਜ਼ਗਾਰ ਲਈ ਨਵੇਂ ਮੌਕੇ ਮੁਹੱਈਆ ਕਰਵਾਉਣਾ ਹੈ। ਮੀਟਿੰਗ ਵਿੱਚ ਜ਼ਿਲ੍ਹਾ ਭਲਾਈ ਅਧਿਕਾਰੀ ਵਿਨੋਦ ਚਾਵਲਾ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਅਨੁਸੂਚਿਤ ਜਾਤੀ ਅਭਿਯੁਦਿਆ ਯੋਜਨਾ ਦਾ ਉਦੇਸ਼ ਅਨੁਸੂਚਿਤ ਜਾਤੀ ਸ਼੍ਰੇਣੀ ਦੇ ਲੋਕਾਂ ਨੂੰ ਸਵੈ-ਰੁਜ਼ਗਾਰ, ਹੁਨਰ ਵਿਕਾਸ ਅਤੇ ਆਰਥਿਕ ਸਸ਼ਕਤੀਕਰਨ ਰਾਹੀਂ ਸਵੈ-ਨਿਰਭਰ ਬਣਾਉਣਾ ਹੈ। ਫਤਿਹਾਬਾਦ ਜ਼ਿਲ੍ਹੇ ਲਈ ਕੁੱਲ 18 ਪ੍ਰਾਜੈਕਟ ਪ੍ਰਸਤਾਵਿਤ ਕੀਤੇ ਗਏ ਹਨ, ਜਿਨ੍ਹਾਂ ਦੀ ਕੁੱਲ ਅਨੁਮਾਨਤ ਲਾਗਤ 1 ਕਰੋੜ 25 ਲੱਖ ਰੁਪਏ ਹੈ। ਇਨ੍ਹਾਂ ਪ੍ਰਾਜੈਕਟਾਂ ਤੋਂ ਜ਼ਿਲ੍ਹੇ ਦੇ 250 ਲਾਭਪਾਤਰੀਆਂ ਨੂੰ ਸਿੱਧੇ ਤੌਰ 'ਤੇ ਲਾਭ ਹੋਣ ਦੀ ਉਮੀਦ ਹੈ। ਇਨ੍ਹਾਂ ਸਵੈ-ਰੁਜ਼ਗਾਰ ਪ੍ਰਾਜੈਕਟਾਂ ਨੂੰ ਮਨਜ਼ੂਰੀ ਦਿੱਤੀ ਗਈ। ਪ੍ਰਸਤਾਵਾਂ ਵਿੱਚ ਕਰਿਆਨੇ ਦੀਆਂ ਦੁਕਾਨਾਂ, ਮਨੀ ਚੇਂਜਰ ਅਤੇ ਕਾਸਮੈਟਿਕ ਸਟੋਰ, ਟੇਲਰਿੰਗ, ਫੈਸ਼ਨ ਡਿਜ਼ਾਈਨਿੰਗ ਅਤੇ ਸਿਲਾਈ ਯੂਨਿਟ, ਬਿਊਟੀ ਪਾਰਲਰ ਅਤੇ ਕਾਸਮੈਟੋਲੋਜੀ ਯੂਨਿਟ, ਡਰੋਨ ਫੋਟੋਗ੍ਰਾਫੀ ਅਤੇ ਅਤੇ ਔਨਲਾਈਨ ਸੇਵਾ ਕੇਂਦਰ, ਚਾਹ ਦੀਆਂ ਦੁਕਾਨਾਂ, ਮਿਠਾਈਆਂ, ਢਾਬੇ ਆਦਿ ਸ਼ਾਮਲ ਹਨ। ਕਮੇਟੀ ਨੇ ਇਨ੍ਹਾਂ ਸਾਰੇ ਪ੍ਰਾਜੈਕਟਾਂ ਨੂੰ ਅੰਤਿਮ ਪ੍ਰਵਾਨਗੀ ਲਈ ਰਾਜ ਸਰਕਾਰ ਰਾਹੀਂ ਕੇਂਦਰ ਸਰਕਾਰ ਨੂੰ ਭੇਜਣ ਦਾ ਫੈਸਲਾ ਕੀਤਾ।





